ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
# ਆਵਾਜ਼ਿ ਕੌਮ
www.awazeqaumtv.com
Also On
Visit on facebook
https://www.facebook.com/awazeqaumtv/videos/194899582124531/
Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
https://youtu.be/LQwolgxDu7I
International Daily Newspaper & WEB TV
awazeqaumtvpunjab@gmail.com
ਮੰਗਲਵਾਰ, 22 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਵੈਸ਼ਨੋ ਦੇਵੀ 'ਚ ਜ਼ਮੀਨ ਖਿਸਕਣ ਕਾਰਨ ਸ਼ਰਧਾਲੂਆਂ ਦੀ ਮੌਤ, 6 ਜ਼ਖਮੀ
# ਕਈਆਂ ਦੇ ਅਜੇ ਵੀ ਫਸੇ ਹੋਣ ਦਾ ਖਦਸ਼ਾ

**ਕਟੜਾ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਦੇ ਕੁਝ ਹਿੱਸਿਆਂ 'ਚ ਭਾਰੀ ਬਾਰਿਸ਼ ਕਾਰਨ ਅੱਜ ਸਵੇਰੇ ਕਟੜਾ ਵਿਚ ਮਾਤਾ ਵੈਸ਼ਨੋ ਦੇਵੀ ਯਾਤਰਾ ਮਾਰਗ 'ਤੇ ਜ਼ਮੀਨ ਖਿਸਕ ਗਈ। ਜਦੋਂ ਸੋਮਵਾਰ ਸਵੇਰੇ ਲਗਭਗ 8:30 ਵਜੇ ਸ਼ਰਧਾਲੂ ਭਾਰੀ ਬਾਰਿਸ਼ ਵਿਚਕਾਰ ਮਾਂ ਵੈਸ਼ਨੋ ਦੇਵੀ ਦੀ ਯਾਤਰਾ ਕਰ ਰਹੇ ਸਨ ਤਾਂ ਬਾਣਗੰਗਾ ਖੇਤਰ ਵਿੱਚ ਗੁਲਸ਼ਨ ਲੰਗਰ ਦੇ ਨੇੜੇ ਜ਼ਮੀਨ ਖਿਸਕ ਗਈ। ਕੁਝ ਹੀ ਸਮੇਂ ਵਿੱਚ ਵੱਡੇ-ਵੱਡੇ ਪੱਥਰ ਸਿੱਧੇ ਸੜਕ 'ਤੇ ਡਿੱਗ ਪਏ, ਜਿਸ ਨਾਲ ਟੀਨ ਸ਼ੈੱਡ ਨੂੰ ਨੁਕਸਾਨ ਪਹੁੰਚਿਆ। ਇਸ ਹਾਦਸੇ ਵਿੱਚ ਇੱਕ ਸ਼ਰਧਾਲੂ ਦੀ ਮੌਤ ਹੋ ਗਈ ਹੈ ਜਦੋਂ ਕਿ ਇੱਕ ਸਥਾਨਕ ਸਮੇਤ 6 ਹੋਰ ਜ਼ਖਮੀ ਹਨ।



ਮ੍ਰਿਤਕ ਸ਼ਰਧਾਲੂ ਦੀ ਪਛਾਣ ਕੇ. ਉਪਾਨਾ (70) ਸਾਲ ਪੁੱਤਰ ਸ਼੍ਰੀਨਿਵਾਸ ਨਿਵਾਸੀ ਚੇਨਈ, ਤਾਮਿਲਨਾਡੂ ਵਜੋਂ ਹੋਈ ਹੈ। ਹੋਰ ਜ਼ਖਮੀ ਸ਼ਰਧਾਲੂਆਂ ਦੀ ਪਛਾਣ ਰਾਜੇਂਦਰ ਭੱਲਾ (70) ਪੁੱਤਰ ਕ੍ਰਿਸ਼ਨ ਲਾਲ ਨਿਵਾਸੀ ਜਮੁਨਾ ਨਗਰ ਹਰਿਆਣਾ, ਲੀਲਾ ਰੈਕਵਾਰ (56) ਪਤਨੀ ਰਾਮਚਰਨ ਰੈਕਵਾਰ ਨਿਵਾਸੀ ਲਲਿਤਪੁਰ, ਉੱਤਰ ਪ੍ਰਦੇਸ਼, ਕੇ ਰਾਧਾ (66) ਨਿਵਾਸੀ ਚੇਨਈ, ਸੁਰੇਸ਼ ਕੁਮਾਰ ਆਹੂਜਾ (66) ਪੁੱਤਰ ਜਵਾਹਰ ਲਾਲ ਆਹੂਜਾ ਨਿਵਾਸੀ ਪੁਣੇ ਮਹਾਰਾਸ਼ਟਰ ਦੇ ਨਾਲ-ਨਾਲ ਬਾਣਗੰਗਾ ਵਿਖੇ ਸਥਾਪਿਤ ਪ੍ਰੀਪੇਡ ਕਾਊਂਟਰ 'ਤੇ ਕੰਮ ਕਰਨ ਵਾਲੇ ਸਥਾਨਕ ਨਿਵਾਸੀ ਨਿਖਿਲ ਠਾਕੁਰ (26) ਪੁੱਤਰ ਜੀਤ ਸਿੰਘ ਨਿਵਾਸੀ ਟਿੱਕਰੀ, ਊਧਮਪੁਰ ਅਤੇ ਵਿੱਕੀ ਸ਼ਰਮਾ (36) ਪੁੱਤਰ ਦੇਵਰਾਜ ਨਿਵਾਸੀ ਧਨੋਗੀ ਕਟੜਾ ਵਜੋਂ ਹੋਈ ਹੈ। ਹਾਲਾਂਕਿ, ਪ੍ਰੀਪੇਡ ਕਾਊਂਟਰ 'ਤੇ ਕੰਮ ਕਰਨ ਵਾਲੇ ਦੋਵਾਂ ਲੋਕਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ ਅਤੇ ਮੁੱਢਲੀ ਸਹਾਇਤਾ ਤੋਂ ਬਾਅਦ ਉਨ੍ਹਾਂ ਨੂੰ ਛੁੱਟੀ ਦੇ ਦਿੱਤੀ ਗਈ। ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਸ਼ਰਧਾਲੂ ਰਾਜੇਂਦਰ ਭੱਲਾ, ਕੇ ਰਾਧਾ ਅਤੇ ਕੇ ਉਪਾਨਾ ਨੂੰ ਬਿਹਤਰ ਇਲਾਜ ਲਈ ਸ਼ਰਾਈਨ ਬੋਰਡ ਦੇ ਨਾਰਾਇਣ ਹਸਪਤਾਲ ਰੈਫਰ ਕਰ ਦਿੱਤਾ ਗਿਆ। ਇਲਾਜ ਦੌਰਾਨ ਸ਼ਰਧਾਲੂ ਕੇ ਉਪਾਨਾ ਦੀ ਮੌਤ ਹੋ ਗਈ। ਮਾਂ ਵੈਸ਼ਨੋ ਦੇਵੀ ਭਵਨ ਦੇ ਨਾਲ-ਨਾਲ ਕਟੜਾ ਖੇਤਰ ਵਿੱਚ ਭਾਰੀ ਬਾਰਿਸ਼ ਜਾਰੀ ਹੈ। ਇਸ ਦੇ ਬਾਵਜੂਦ ਸ਼ਰਧਾਲੂ ਉਤਸ਼ਾਹ ਨਾਲ ਮਾਂ ਵੈਸ਼ਨੋ ਦੇਵੀ ਦੀ ਯਾਤਰਾ ਜਾਰੀ ਰੱਖ ਰਹੇ ਹਨ। ਇਹ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਕੁਝ ਸ਼ਰਧਾਲੂਆਂ ਦੇ ਵੀ ਇਸ ਜ਼ਮੀਨ ਖਿਸਕਣ ਵਿੱਚ ਫਸਣ ਦੀ ਸੰਭਾਵਨਾ ਹੈ।




## ਥਾਰ ਵਾਲੀ ਬਰਖ਼ਾਸਤ ਕਾਂਸਟੇਬਲ ਅਮਨਦੀਪ ਕੌਰ ਨੂੰ ਵੱਡਾ ਝਟਕਾ, ਹਾਈਕੋਰਟ ਨੇ ਰੱਦ ਕੀਤੀ ਜ਼ਮਾਨਤ

**ਚੰਡੀਗੜ੍ਹ/ਬਠਿੰਡਾ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨਸ਼ਾ ਤਸਕਰੀ ਦੇ ਮਾਮਲੇ 'ਚ ਘਿਰੀ ਥਾਰ ਵਾਲੀ ਬਰਖ਼ਾਸਤ ਕਾਂਸਟੇਬਲ ਅਮਨਦੀਪ ਕੌਰ ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਵੱਡਾ ਝਟਕਾ ਦਿੱਤਾ ਹੈ। ਅਦਾਲਤ ਨੇ ਅਮਨਦੀਪ ਕੌਰ ਦੀ ਜ਼ਮਾਨਤ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਦੱਸਣਯੋਗ ਹੈ ਕਿ ਅਮਨਦੀਪ ਕੌਰ ਖ਼ਿਲਾਫ਼ ਨਸ਼ਾ ਤਸਕਰੀ ਦੀ ਐੱਫ. ਆਈ. ਆਰ. ਦਰਜ ਕਰਨ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਪੁਲਸ ਨੇ ਉਸ ਦੀ ਥਾਰ 'ਚੋਂ ਚਿੱਟਾ ਬਰਾਮਦ ਕੀਤਾ ਸੀ। ਇਸ ਤੋਂ ਬਾਅਦ ਉਸ ਨੂੰ ਬਰਖ਼ਾਸਤ ਕਰ ਦਿੱਤਾ ਗਿਆ ਸੀ। ਇਕ ਮਹੀਨਾ ਜੇਲ੍ਹ 'ਚ ਕੱਟਣ ਤੋਂ ਬਾਅਦ ਉਸ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ। ਇਸ ਤੋਂ ਬਾਅਦ ਦੁਬਾਰਾ ਵਿਜੀਲੈਂਸ ਨੇ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ 'ਚ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਨਾਲ ਹੀ ਉਸ ਦੀ 1.35 ਕਰੋੜ ਦੀ ਜਾਇਦਾਦ ਵੀ ਫਰੀਜ਼ ਕਰ ਲਈ ਸੀ।



## ਬੰਗਲਾਦੇਸ਼ 'ਚ ਵੱਡਾ ਹਾਦਸਾ, ਢਾਕਾ 'ਚ ਕਾਲਜ ਕੈਂਪਸ 'ਚ ਡਿੱਗਿਆ ਏਅਰਕ੍ਰਾਫਟ, 19 ਲੋਕਾਂ ਦੀ ਮੌਤਾਂ, ਕਈ ਜ਼ਖਮੀ

**ਨਵੀਂ ਦਿੱਲੀ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੰਗਲਾਦੇਸ਼ ਹਵਾਈ ਸੈਨਾ ਦਾ ਇੱਕ ਸਿਖਲਾਈ ਜਹਾਜ਼ ਸੋਮਵਾਰ ਦੁਪਹਿਰ, 21 ਜੁਲਾਈ ਨੂੰ ਹਾਦਸਾਗ੍ਰਸਤ ਹੋ ਗਿਆ। ਇਹ ਇੱਕ 67 ਜਹਾਜ਼ ਸੀ ਅਤੇ ਇਹ ਢਾਕਾ ਦੇ ਉੱਤਰੀ ਉਤਰਾ ਖੇਤਰ ਵਿੱਚ ਇੱਕ ਸਕੂਲ ਕੈਂਪਸ ਵਿੱਚ ਹਾਦਸਾਗ੍ਰਸਤ ਹੋ ਗਿਆ। ਰਿਪੋਰਟ ਦੇ ਅਨੁਸਾਰ, ਇਸ ਹਾਦਸੇ ਵਿੱਚ ਘੱਟੋ-ਘੱਟ 19 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜ਼ਖਮੀ ਹੋ ਗਏ। ਇਸ ਭਿਆਨਕ ਹਾਦਸੇ ਨੇ ਇਲਾਕੇ ਵਿੱਚ ਦਹਿਸ਼ਤ ਫੈਲਾ ਦਿੱਤੀ ਹੈ। ਬੰਗਲਾਦੇਸ਼ੀ ਅਖ਼ਬਾਰ ਡੇਲੀ ਸਟਾਰ ਨੇ ਇੰਟਰ ਸਰਵਿਸਿਜ਼ ਪਬਲਿਕ ਰਿਲੇਸ਼ਨਜ਼ ਡਾਇਰੈਕਟੋਰੇਟ ਦੇ ਹਵਾਲੇ ਨਾਲ ਕਿਹਾ ਹੈ ਕਿ ਜੈੱਟ ਦੇ ਹਾਦਸੇ ਨਾਲ ਸਕੂਲ ਦੇ ਅਹਾਤੇ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਬੰਗਲਾਦੇਸ਼ ਫੌਜ ਵੱਲੋਂ ਇੰਟਰ-ਸਰਵਿਸਿਜ਼ ਪਬਲਿਕ ਰਿਲੇਸ਼ਨਜ਼ ਨੇ ਕਿਹਾ ਕਿ ਜਹਾਜ਼ ਸੋਮਵਾਰ ਦੁਪਹਿਰ ਨੂੰ ਹਾਦਸਾਗ੍ਰਸਤ ਹੋਇਆ। ਇਸ ਵਿੱਚ ਕਿਹਾ ਗਿਆ ਹੈ ਕਿ ਬੰਗਲਾਦੇਸ਼ ਹਵਾਈ ਸੈਨਾ ਦਾ ਇੱਕ 6-7 279 ਸਿਖਲਾਈ ਜਹਾਜ਼ ਉਤਰਾ ਵਿੱਚ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਨੇ ਡੇਢ ਮਿੰਟ ਵਿੱਚ ਉਡਾਣ ਭਰੀ। ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ ਵਿੱਚ ਸੜਦੇ ਮਲਬੇ ਅਤੇ ਜ਼ਖਮੀਆਂ ਦੀਆਂ ਤਸਵੀਰਾਂ ਵੇਖੀਆਂ ਜਾ ਸਕਦੀਆਂ ਹਨ। ਚਸ਼ਮਦੀਦਾਂ ਨੇ ਦੱਸਿਆ ਕਿ ਹਾਦਸੇ ਤੋਂ ਬਾਅਦ ਚਾਰੇ ਪਾਸੇ ਧੂੰਆਂ ਅਤੇ ਚੀਕ-ਚਿਹਾੜਾ ਸੀ। ਜ਼ਖਮੀਆਂ ਨੂੰ ਤੁਰੰਤ ਨੇੜਲੇ ਹਸਪਤਾਲਾਂ ਵਿੱਚ ਲਿਜਾਇਆ ਗਿਆ, ਪਰ ਮ੍ਰਿਤਕਾਂ ਦੀ ਸਹੀ ਗਿਣਤੀ ਅਜੇ ਪਤਾ ਨਹੀਂ ਹੈ। ਮੌਜੂਦਾ ਜਾਣਕਾਰੀ ਅਨੁਸਾਰ, ਘੱਟੋ-ਘੱਟ ਇੱਕ ਵਿਅਕਤੀ ਦੀ ਮੌਤ ਹੋ ਗਈ ਹੈ। ਇਹ ਖਦਸ਼ਾ ਹੈ ਕਿ ਇਸ ਹਾਦਸੇ ਵਿੱਚ ਕਈ ਲੋਕਾਂ ਦੀ ਮੌਤ ਹੋ ਸਕਦੀ ਹੈ।



## ਦੁਨੀਆ 'ਚ ਵੱਜੀ ਖਤਰੇ ਦੀ ਘੰਟੀ ! ਕੋਰੋਨਾ ਤੋਂ ਬਾਅਦ ਹੁਣ ਇਸ ਵਾਇਰਸ ਦਾ ਕਹਿਰ, 2 ਲੱਖ ਲੋਕ ਬਣੇ ਸ਼ਿਕਾਰ, ਕੀ ਭਾਰਤ 'ਚ ਵੀ ਖਤਰਾ ?

**ਨਵੀਂ ਦਿੱਲੀ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਚੀਨ, ਜਿੱਥੋਂ ਕੋਰੋਨਾ ਵਾਇਰਸ ਦੀ ਸ਼ੁਰੂਆਤ ਹੋਈ ਸੀ, ਹੁਣ ਇੱਕ ਹੋਰ ਨਵੇਂ ਵਾਇਰਸ ਦੇ ਪ੍ਰਕੋਪ ਦਾ ਸਾਹਮਣਾ ਕਰ ਰਿਹਾ ਹੈ। ਇਸ ਵਾਰ ਮੱਛਰਾਂ ਰਾਹੀਂ ਫੈਲਣ ਵਾਲਾ CHIKV ਵਾਇਰਸ' (ਚਿਕਨਗੁਨਿਆ) ਚੀਨ ਦੇ ਕਈ ਜ਼ਿਲ੍ਹਿਆਂ ਵਿੱਚ ਹਜ਼ਾਰਾਂ ਲੋਕਾਂ ਨੂੰ ਆਪਣੀ ਚਪੇਟ ਵਿੱਚ ਲੈ ਚੁੱਕਾ ਹੈ। ਇਸ ਸਥਿਤੀ ਦੇ ਮੱਦੇਨਜ਼ਰ ਚੀਨ ਦੇ ਸਿਹਤ ਮੰਤਰਾਲੇ ਨੂੰ ਐਮਰਜੈਂਸੀ ਮੁਹਿੰਮ ਚਲਾਉਣੀ ਪਈ ਹੈ। ਇਸ ਵਾਇਰਸ ਕਾਰਨ ਲੋਕਾਂ ਵਿੱਚ ਤੇਜ਼ ਬੁਖਾਰ ਅਤੇ ਜੋੜਾਂ ਵਿੱਚ ਦਰਦ ਵਰਗੇ ਲੱਛਣ ਸਾਹਮਣੇ ਆ ਰਹੇ ਹਨ। ਇਸ ਵਾਇਰਸ ਦੇ ਤੇਜ਼ੀ ਨਾਲ ਫੈਲਣ ਕਾਰਨ ਚੀਨ ਦੇ ਕਈ ਜ਼ਿਲ੍ਹਿਆਂ ਵਿੱਚ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਲੋਕਾਂ ਨੂੰ ਇਸ ਬਿਮਾਰੀ ਨੂੰ ਰੋਕਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਚੀਨ ਦੇ ਗੁਆਂਢੀ ਦੇਸ਼ ਹਾਂਗਕਾਂਗ ਵਿੱਚ ਵੀ ਇਸ ਵਾਇਰਸ ਨੂੰ ਲੈ ਕੇ ਅਲਰਟ ਜਾਰੀ ਹੋਇਆ ਹੈ, ਜਿਸ ਕਾਰਨ ਇਲਾਕੇ ਵਿੱਚ ਚਿੰਤਾ ਵੱਧ ਗਈ ਹੈ। ਚੀਨ ਦੀ ਮੀਡੀਆ scmp.com ਦੀ ਰਿਪੋਰਟ ਮੁਤਾਬਕ, ਦੱਖਣੀ ਚੀਨ ਦੇ ਫੋਸ਼ਨ ਸ਼ਹਿਰ ਵਿੱਚ ਚਿਕਨਗੁਨਿਆ ਬੁਖਾਰ ਤੇਜ਼ੀ ਨਾਲ ਫੈਲ ਰਿਹਾ ਹੈ। ਚੀਨ ਦੇ ਸ਼ੁੰਡੇ ਇਲਾਕੇ ਦੀ ਸਥਾਨਕ ਸਿਹਤ ਏਜੰਸੀ ਵੱਲੋਂ ਜਾਣਕਾਰੀ ਦਿੱਤੀ ਗਈ ਹੈ ਕਿ ਇੱਥੇ ਚਿਕਨਗੁਨਿਆ ਦੇ ਕੇਸ ਸਾਹਮਣੇ ਆ ਰਹੇ ਹਨ। ਸਿਰਫ਼ ਇਸ ਇੱਕ ਇਲਾਕੇ ਵਿੱਚ ਸ਼ੁੱਕਰਵਾਰ ਤੱਕ 1,161 ਪੁਸ਼ਟੀਤ ਮਾਮਲੇ ਦਰਜ ਕੀਤੇ ਜਾ ਚੁੱਕੇ ਹਨ। ਚੀਨ ਦੇ ਹੋਰ ਸ਼ਹਿਰਾਂ ਜਿਵੇਂ ਕਿ ਸ਼ੁੰਡੇ, ਲੇਸ਼ੌਂਗ, ਬਿਜੀਓ, ਚੇਨਕੁਨ, ਨਨਹਾਈ ਅਤੇ ਚਾਨਚੇਂਗ ਵਿੱਚ ਵੀ ਇਸ ਵਾਇਰਸ ਦੇ ਕੇਸ ਰਿਪੋਰਟ ਹੋਏ ਹਨ।




**ਦੁਨੀਆ ਭਰ ਵਿੱਚ 2 ਲੱਖ ਤੋਂ ਵੱਧ ਚਿਕਨਗੁਨਿਆ ਮਾਮਲੇ**

ਜੇਕਰ ਚਿਕਨਗੁਨਿਆ ਬੁਖਾਰ ਦੇ ਦੁਨੀਆ ਭਰ ਦੇ ਮਾਮਲਿਆਂ ਦੀ ਗੱਲ ਕਰੀਏ ਤਾਂ ਸਾਲ 2025 ਵਿੱਚ ਹੁਣ ਤੱਕ 2,20,000 ਤੋਂ ਵੱਧ ਕੇਸ ਦਰਜ ਕੀਤੇ ਜਾ ਚੁੱਕੇ ਹਨ। ਇਹ ਅੰਕੜੇ ਦੱਸਦੇ ਹਨ ਕਿ ਚਿਕਨਗੁਨਿਆ ਬੁਖਾਰ ਨੂੰ ਲੈ ਕੇ ਵਿਸ਼ਵ ਪੱਧਰ 'ਤੇ ਸਾਵਧਾਨੀ ਵਰਤਣ ਦੀ ਲੋੜ ਹੈ।

**CHIKV ਵਾਇਰਸ ਕੀ ਹੈ ?**

ਵਿਸ਼ਵ ਸਿਹਤ ਸੰਗਠਨ (WHO) ਦੇ ਅਨੁਸਾਰ, ਚਿਕਨਗੁਨਿਆ ਇੱਕ CHIKV ਵਾਇਰਸ ਹੈ ਜੋ ਮੱਛਰਾਂ ਰਾਹੀਂ ਫੈਲਦਾ ਹੈ। ਇਸ ਵਾਇਰਸ ਕਾਰਨ ਸਰੀਰ ਦੇ ਜੋੜਾਂ ਵਿੱਚ ਤੇਜ਼ ਦਰਦ ਅਤੇ ਉੱਚ ਬੁਖਾਰ ਹੋ ਜਾਂਦਾ ਹੈ। ਕਈ ਵਾਰ ਇਹ ਬੁਖਾਰ ਅਤੇ ਦਰਦ ਇੰਨਾ ਵੱਧ ਜਾਂਦੇ ਹਨ ਕਿ ਮਰੀਜ਼ ਦੀ ਹਾਲਤ ਗੰਭੀਰ ਹੋ ਜਾਂਦੀ ਹੈ। ਬਰਸਾਤ ਦੇ ਮੌਸਮ ਵਿੱਚ ਇਹ ਵਾਇਰਸ ਹੋਰ ਵੱਧ ਤੇਜ਼ੀ ਨਾਲ ਫੈਲਦਾ ਹੈ। ਇਹ ਵੀ ਦੱਸਣਾ ਜਰੂਰੀ ਹੈ ਕਿ CHIKV ਵਾਇਰਸ ਮੁੱਖ ਤੌਰ 'ਤੇ ਮਾਦਾ ਮੱਛਰ ਰਾਹੀਂ ਫੈਲਦਾ ਹੈ।

## ਸ੍ਰੀ ਹਰਿਮੰਦਰ ਸਾਹਿਬ ਨੂੰ ਧਮਕੀਆਂ ਦੇਣ ਦਾ ਮਾਮਲਾ ਪਹੁੰਚਿਆ ਪਾਰਲੀਮੈਂਟ, 9 ਵਾਰ ਮਿਲ ਚੁੱਕੀ ਹੈ ਧਮਕੀ



**ਨਵੀਂ ਦਿੱਲੀ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਦਾ ਮਾਮਲਾ ਹੁਣ ਸੰਸਦ ਤੱਕ ਪਹੁੰਚ ਗਿਆ ਹੈ। ਫਿਰੋਜ਼ਪੁਰ ਤੋਂ ਕਾਂਗਰਸ ਦੇ ਸੰਸਦ ਮੈਂਬਰ ਸ਼ੇਰ ਸਿੰਘ ਘੁਬਾਇਆ ਨੇ ਲੋਕ ਸਭਾ ਵਿੱਚ ਮੁਲਤਵੀ ਮਤਾ ਪੇਸ਼ ਕਰਦੇ ਹੋਏ ਸਪੀਕਰ ਤੋਂ ਇਸ ਮੁੱਦੇ 'ਤੇ ਚਰਚਾ ਲਈ ਸਮਾਂ ਮੰਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਇਸ ਮਾਮਲੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਗਿਆ ਹੈ ਅਤੇ ਸੰਸਦ ਵਿੱਚ ਨਿਰਪੱਖ ਜਾਂਚ ਦੀ ਮੰਗ ਕੀਤੀ ਜਾਵੇਗੀ, ਤਾਂ ਜੋ ਸੱਚਾਈ ਸਾਹਮਣੇ ਆ ਸਕੇ। ਦੱਸ ਦਈਏ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਨੁਸਾਰ, ਹੁਣ ਤੱਕ ਉਨ੍ਹਾਂ ਨੂੰ 9 ਧਮਕੀ ਭਰੇ ਈਮੇਲ ਮਿਲੇ ਹਨ, ਹਾਲਾਂਕਿ ਅਸਲ ਗਿਣਤੀ ਇਸ ਤੋਂ ਵੱਧ ਮੰਨੀ ਜਾ ਰਹੀ ਹੈ। ਈਮੇਲ ਭੇਜਣ ਵਾਲੇ ਜਾਅਲੀ ਆਈਡੀ ਦੀ ਵਰਤੋਂ ਕਰ ਰਹੇ ਹਨ ਤੇ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਸਥਾਨ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਰ ਰਹੇ ਹਨ। ਇਹ ਮੰਨਣਾ ਕਿ ਇਹ ਈਮੇਲ ਸਿਰਫ ਡਰਾਉਣ ਲਈ ਭੇਜੇ ਗਏ ਹਨ, ਪੰਜਾਬ ਦੇ ਇਤਿਹਾਸ, ਭੂਗੋਲ ਅਤੇ ਮੌਜੂਦਾ ਸਥਿਤੀ ਨੂੰ ਦੇਖਦੇ ਹੋਏ, ਇਨ੍ਹਾਂ ਚੇਤਾਵਨੀਆਂ ਨੂੰ ਬਹੁਤ ਗੰਭੀਰਤਾ ਨਾਲ ਲੈਣ ਦੀ ਲੋੜ ਹੈ। ਸ਼੍ਰੋਮਣੀ ਕਮੇਟੀ ਦੇ ਮੁਖੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਇਸ ਗੱਲ ਤੋਂ ਚਿੰਤਤ ਹਨ ਕਿ ਹਜ਼ਾਰਾਂ ਸ਼ਰਧਾਲੂ ਹਰ ਰੋਜ਼ ਇਸ ਖੁੱਲ੍ਹੇ ਅਸਥਾਨ ਦੇ ਦਰਸ਼ਨ ਕਰਦੇ ਹਨ। ਇਹ ਸ਼ਾਂਤੀ ਅਤੇ ਸੇਵਾ ਦਾ ਸਥਾਨ ਹੈ। ਇੱਥੇ ਕੋਈ ਵੀ ਅੱਤਵਾਦੀ ਹਮਲਾ ਨਾ ਸਿਰਫ਼ ਬੇਅਦਬੀ ਹੋਵੇਗੀ, ਸਗੋਂ ਭਾਰਤ ਦੀ ਸਮਾਜਿਕ ਏਕਤਾ ਨੂੰ ਤੋੜਨ ਦੀ ਇੱਕ ਰਣਨੀਤਕ ਤੌਰ 'ਤੇ ਯੋਜਨਾਬੱਧ ਸਾਜ਼ਿਸ਼ ਹੋਵੇਗੀ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਇਸ ਪੂਰੇ ਮਾਮਲੇ ਵਿੱਚ ਕੇਂਦਰੀ ਅਤੇ ਰਾਜ ਦੀਆਂ ਖੁਫੀਆ ਏਜੰਸੀਆਂ ਦੀ ਨਾਕਾਮੀ 'ਤੇ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਇੰਨੀਆਂ ਧਮਕੀਆਂ ਦੇ ਬਾਵਜੂਦ, ਹੁਣ ਤੱਕ ਦੋਸ਼ੀਆਂ ਦੀ ਪਛਾਣ ਨਾ ਕਰਨਾ ਚਿੰਤਾ ਦਾ ਵਿਸ਼ਾ ਹੈ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦੇ ਅਨੁਸਾਰ, ਜਾਂਚ ਪ੍ਰਕਿਰਿਆ ਚੱਲ ਰਹੀ ਹੈ ਅਤੇ ਤਕਨੀਕੀ ਵਿਸ਼ਲੇਸ਼ਣ ਵਿੱਚ ਸਮਾਂ ਲੱਗ ਸਕਦਾ ਹੈ। ਇਸ ਸਮੇਂ ਸ਼ੁਭਮ ਦੂਬੇ ਨਾਮ ਦੇ ਵਿਅਕਤੀ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸ਼ੱਕੀਆਂ ਦੀ ਜਲਦੀ ਹੀ ਪਛਾਣ ਕੀਤੀ ਜਾਵੇਗੀ। ਪੰਜਾਬ ਪੁਲਿਸ ਨੇ ਦੋ ਐਫਆਈਆਰ ਦਰਜ ਕੀਤੀਆਂ ਹਨ।

## 2006 ਮੁੰਬਈ ਟਰੇਨ ਬਲਾਸਟ ਮਾਮਲੇ 'ਚ ਸਾਰੇ ਮੁਲਜ਼ਮ ਬਰੀ, 11 ਮਿੰਟਾਂ 'ਚ ਇੱਕ ਤੋਂ ਇੱਕ ਧਮਾਕਿਆਂ ਨਾਲ ਦਹਿਲ ਗਈ ਸੀ ਮੁੰਬਈ !

**ਮੁੰਬਈ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੰਬੇ ਹਾਈ ਕੋਰਟ ਨੇ ਮੁੰਬਈ ਟ੍ਰੇਨ ਧਮਾਕੇ ਮਾਮਲੇ 'ਚ ਵੱਡਾ ਫੈਸਲਾ ਸੁਣਾਇਆ ਹੈ। ਦੱਸ ਦਈਏ ਕਿ ਬੰਬੇ ਹਾਈ ਕੋਰਟ ਨੇ ਫੈਸਲਾ ਸੁਣਾਉਂਦੇ ਹੋਏ ਮੁੰਬਈ ਟ੍ਰੇਨ ਧਮਾਕਿਆਂ ਦੇ ਸਾਰੇ ਦੋਸ਼ੀਆਂ ਨੂੰ ਬਰੀ ਕਰ ਦਿੱਤਾ। 11 ਜੁਲਾਈ 2006 ਨੂੰ ਹੋਏ ਧਮਾਕੇ ਦੇ ਮਾਮਲੇ ਵਿੱਚ, ਅਦਾਲਤ ਨੇ ਕਿਹਾ ਕਿ ਇਸਤਗਾਸਾ ਪੱਖ ਉਨ੍ਹਾਂ ਵਿਰੁੱਧ ਕੇਸ ਸਾਬਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਿਹਾ ਹੈ। 19 ਸਾਲ ਪਹਿਲਾਂ ਵਾਪਰੀ ਇਸ ਘਟਨਾ ਵਿੱਚ 180 ਲੋਕਾਂ ਦੀ ਮੌਤ ਹੋ ਗਈ ਸੀ। ਇਹ ਫੈਸਲਾ ਸ਼ਹਿਰ ਦੇ ਪੱਛਮੀ ਰੇਲਵੇ ਨੈੱਟਵਰਕ ਨੂੰ ਹਿਲਾ ਦੇਣ ਵਾਲੇ ਅੱਤਵਾਦੀ ਹਮਲੇ ਦੇ 19 ਸਾਲ ਬਾਅਦ ਆਇਆ ਹੈ। ਇਸ ਹਮਲੇ ਵਿੱਚ 180 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਜਸਟਿਸ ਅਨਿਲ ਕਿਲੋਰ ਅਤੇ ਜਸਟਿਸ ਸ਼ਿਆਮ ਚੰਦਕ ਦੀ ਵਿਸ਼ੇਸ਼ ਬੈਂਚ ਨੇ ਕਿਹਾ ਕਿ ਮੁਲਜ਼ਮ ਨੂੰ ਦੋਸ਼ੀ ਠਹਿਰਾਉਣ ਦਾ ਫੈਸਲਾ ਇਸਤਗਾਸਾ ਪੱਖ ਵੱਲੋਂ ਪੇਸ਼ ਕੀਤੇ ਗਏ ਸਬੂਤਾਂ ਦੇ ਆਧਾਰ 'ਤੇ ਨਹੀਂ ਲਿਆ ਜਾ ਸਕਦਾ। ਅਦਾਲਤ ਨੇ ਕਿਹਾ ਕਿ ਇਸਤਗਾਸਾ ਪੱਖ ਮੁਲਜ਼ਮਾਂ ਵਿਰੁੱਧ ਕੇਸ ਸਾਬਤ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਿਹਾ ਹੈ। ਇਹ ਵਿਸ਼ਵਾਸ ਕਰਨਾ ਮੁਸ਼ਕਲ ਹੈ ਕਿ ਮੁਲਜ਼ਮਾਂ ਨੇ ਇਹ ਅਪਰਾਧ ਕੀਤਾ ਹੈ, ਇਸ ਲਈ ਉਨ੍ਹਾਂ ਦੀ ਸਜ਼ਾ ਰੱਦ ਕੀਤੀ ਜਾਂਦੀ ਹੈ।' ਬੈਂਚ ਨੇ ਕਿਹਾ ਕਿ ਉਹ ਪੰਜ ਲੋਕਾਂ ਨੂੰ ਦਿੱਤੀ ਗਈ ਮੌਤ ਦੀ ਸਜ਼ਾ ਅਤੇ ਬਾਕੀ ਸੱਤ ਨੂੰ ਦਿੱਤੀ ਗਈ ਉਮਰ ਕੈਦ ਦੀ ਪੁਸ਼ਟੀ ਕਰਨ ਤੋਂ ਇਨਕਾਰ ਕਰਦਾ ਹੈ ਅਤੇ ਉਨ੍ਹਾਂ ਨੂੰ ਬਰੀ ਕਰਦਾ ਹੈ। ਅਦਾਲਤ ਨੇ ਕਿਹਾ ਕਿ ਜੇਕਰ ਦੋਸ਼ੀ ਕਿਸੇ ਹੋਰ ਮਾਮਲੇ ਵਿੱਚ ਲੋੜੀਂਦੇ ਨਹੀਂ ਹਨ, ਤਾਂ ਉਨ੍ਹਾਂ ਨੂੰ ਤੁਰੰਤ ਜੇਲ੍ਹ ਤੋਂ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਇਸ ਮਾਮਲੇ ਵਿੱਚ 2015 ਵਿੱਚ ਇੱਕ ਵਿਸ਼ੇਸ਼ ਅਦਾਲਤ ਨੇ 12 ਲੋਕਾਂ ਨੂੰ ਦੋਸ਼ੀ ਠਹਿਰਾਇਆ ਸੀ, ਜਿਨ੍ਹਾਂ ਵਿੱਚੋਂ ਪੰਜ ਨੂੰ ਮੌਤ ਦੀ ਸਜ਼ਾ ਸੁਣਾਈ ਗਈ ਸੀ ਅਤੇ ਬਾਕੀ ਸੱਤ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ। ਕਾਬਿਲੇਗੌਰ ਹੈ ਕਿ ਸਾਲ 2006 'ਚ ਮੁੰਬਈ 'ਚ ਧਮਾਕੇ ਕਾਰਨ 180 ਤੋਂ ਵੱਧ ਲੋਕਾਂ ਦੀ ਮੌਤ ਹੋਈ ਸੀ। ਜਦਕਿ 857 ਯਾਤਰੀ ਗੰਭੀਰ ਜ਼ਖ਼ਮੀ ਹੋਏ ਸੀ। ਇਹ ਸਾਰੇ ਹੀ ਧਮਾਕੇ 11 ਜੁਲਾਈ ਨੂੰ ਸਿਰਫ 11 ਮਿੰਟ ਦੇ ਅੰਦਰ-ਅੰਦਰ ਹੋਏ ਸੀ। ਵਿਸ਼ੇਸ਼ ਅਦਾਲਤ ਵੱਲੋਂ ਮੁਲਜ਼ਮ ਠਹਿਰਾਏ ਜਾਣ ਮਗਰੋਂ ਦੋਸ਼ੀਆਂ ਨੇ ਉੱਚ ਅਦਾਲਤ ਦਾ ਰੁਖ ਕੀਤਾ ਸੀ ਜਿਥੇ ਉਨ੍ਹਾਂ ਨੂੰ ਬੇਕਸੂਰ ਕਰਾਰ ਕਰ ਦਿੱਤਾ ਹੈ। ਉੱਥੇ ਹੀ ਜੇਕਰ ਦੋਸੀਆਂ ਦੀ ਗੱਲ ਕੀਤੀ ਜਾਵੇ ਤਾਂ ਦੋਸ਼ੀ ਮੁਹੰਮਦ ਫ਼ੈਸਲ ਸ਼ੇਖ, ਏਹਤਸ਼ਾਮ ਸਿਦੀਕੀ, ਨਾਵੇਦ ਹੁਸੈਨ ਖ਼ਾਨ, ਆਸਿਫ਼ ਖ਼ਾਨ ਅਤੇ ਕਮਲ ਅੰਸਾਰੀ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਸੀ।



ਵਾਹਿਗੁਰੂ ਜੀ ਕਾ ਖ਼ਾਲਸਾ।

# ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
# ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕੀ ਫ਼ਤਹਿ॥

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


## RAGHBIR SINGH (Call : +44 7976 210161)
121. Broadway west Walsall, West Midlands, WS1 4DW, England uk



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖ਼ਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

## ਅਕਾਉਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

⋆ ਸਲਾਹ ⋆
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।


ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM


10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੂਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)




ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਉ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)




ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)




ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)




ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)




ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--⋆ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ⋆--


| | | | |
|---|---|---|---|
| RAGHBIR SINGH | PARAMJIT SHERGILL | INDERJIT KAUR | KULWINDER MANN |
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**


**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.




**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.




Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd




After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th




Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th




Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th




After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**


| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

## ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK









ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ






ੴ ਸਤਿਗੁਰ ਪ੍ਰਸਾਦਿ
ਸਿਖਹੁ ਸੁਣਹੁ ਸੀਖ ਇਹ ਮੇਰੀ॥ ਬਾਣੀ ਪੜਹੁ ਸੁਧ ਗੁਰ ਕੇਰੀ॥ ਪੜੈ ਮਹਾਤਮ ਲਹੈ ਬਿਸਾਲਾ॥ ਹਲਤ ਪਲਤ ਮਹਿ ਹੋਇ ਨਿਹਾਲਾ॥
ਗੁਰਦੁਆਰਾ ਸਾਹਿਬ ਰਿਵਰਸਾਈਡ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ,
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ,
ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ
ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ
ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁੱਧ ਪਾਠ ਬੋਧ (ਸੰਥਿਆ) ਸਮਾਗਮ
ਜੂਨ 29, 2025 ਤੋਂ ਅਗਸਤ 3, 2025 ਤੱਕ
ਸ਼ਨੀਵਾਰ ਅਤੇ ਐਤਵਾਰ ਦੁਪਹਿਰ 2:00 ਤੋਂ 5:00 ਵਜੇ ਤੱਕ
ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੇ 8:00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ ਗੁਰਬਾਣੀ ਦੇ ਸ਼ੁੱਧ ਉਚਾਰਨ ਸਿੱਖਣ ਲਈ ਸਮਾਗਮਾਂ ਵਿੱਚ ਸ਼ਾਮਿਲ ਹੋ ਕੇ ਲਾਹਾ ਪ੍ਰਾਪਤ ਕਰੋ ਜੀ
YouTube LIVE STREAM @gurdwarasahibriverside
951-201-7034, 832-541-9136, 951-685-9701
7940 Mission Blvd Jurupa Valley 92509
ਆਵਾਜ਼ਿ ਕੌਮ AWAZE QAUM
International Newspaper & WEB TV




--✶ ਗੁਰੂ ਪੰਥ ਦਾ ਸੇਵਾਦਾਰ ✶--
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ
ਮੁਖੀ ਦਮਦਮੀ ਟਕਸਾਲ,
, ਜਥਾ ਭਿੰਡਰਾਂ, ਮਹਿਤਾ
ਅਤੇ ਪ੍ਰਧਾਨ ਸੰਤ ਸਮਾਜ

### ਇੰਗਲੈਂਡ ਦੇ ਵੁਲਵਰਹੈਂਪਟਨ ਸ਼ਹਿਰ ਵਿੱਚ ਵਾਰਿਸ ਪੰਜਾਬ ਅਕਾਲੀ ਦਲ ਪਾਰਟੀ ਵੱਲੋਂ

# ਪੰਜ ਮੈਂਬਰੀ ਕਮੇਟੀ ਗਠਿਤ ਕੀਤੀ ਗਈ

## ਵਿਦੇਸ਼ੀ ਸਿੱਖਾਂ ਦਾ ਸਹਿਯੋਗ ਨਾਲ ਪੰਜਾਬ ਵਿੱਚ ਪੰਥਕ ਮਸਲਿਆਂ 'ਤੇ ਗੱਲਬਾਤ ਕਰੇਗੀ ਪੰਜ ਮੈਂਬਰੀ ਕਮੇਟੀ
















**ਵੁਲਵਰਹੈਂਪਟਨ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਦੇ ਵੁਲਵਰਹੈਂਪਟਨ ਸ਼ਹਿਰ ਵਿੱਚ ਵਾਰਿਸ ਪੰਜਾਬ ਅਕਾਲੀ ਦੱਲ ਪਾਰਟੀ ਵੱਲੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਟ੍ਰੀਟ ਵਿਖੇ ਪੰਜ ਮੈਂਬਰੀ ਕਮੇਟੀ ਗਠਿਤ ਕੀਤੀ ਗਈ ਜੋ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ 2027 ਵਿੱਚ ਪੰਜਾਬ ਦੀ ਵਿਧਾਨਸਭਾ ਚੋਣਾਂ ਵਿੱਚ ਭਾਗ ਲਵੇਗੀ ਤੇ ਵਿਦੇਸ਼ੀ ਸਿੱਖਾਂ ਦਾ ਸਹਿਯੋਗ ਨਾਲ ਪੰਜਾਬ ਵਿੱਚ ਪੰਥਕ ਮਸਲਿਆਂ ਤੇ ਗੱਲਬਾਤ ਕਰੇਗੀ ਇਸ ਪੰਜ ਮੈਂਬਰੀ ਕਮੇਟੀ ਵਿੱਚ ਸ੍ਰ ਪ੍ਰਭਜੀਤ ਸਿੰਘ ਔਲਖ,ਗੁਰਬਿੰਦਰ ਸਿੰਘ ਗਿੱਲ,ਜੋਗਾ ਸਿੰਘ,ਕੰਵਲਜੀਤ ਸਿੰਘ,ਪ੍ਰਭਜੀਤ ਸਿੰਘ ਧਨੋਆ ਨੇ ਨਾਮ ਸ਼ਾਮਲ ਹਨ ਗੁਰਦੁਆਰਾ ਸਾਹਿਬ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਭਾਈ ਜਗਰੂਪ ਸਿੰਘ ਭਾਈ ਹਰਵਿੰਦਰ ਸਿੰਘ ਭਾਈ ਜਸਵੀਰ ਸਿੰਘ ਡਾ ਮਨਮੋਹਣ ਸਿੰਘ ਭਾਈ ਲਖਵਿੰਦਰ ਸਿੰਘ ਭਾਈ ਰਸਾਲ ਸਿੰਘ ਚੋਹਲਾਂ ਸਾਹਿਬ ਭਾਈ ਨਵਦੀਪ ਸਿੰਘ ਪੰਨੂ ਲਵ ਪੰਜਵੜ ਰਮਨਪ੍ਰੀਤ ਸਿੰਘ ਗੁਰਦੇਵ ਸਿੰਘ ਬਲਦੀਪ ਸਿੰਘ ਦਿਲਰਾਜ ਸਿੰਘ ਰਜਿੰਦਰ ਸਿੰਘ ਅਮਰਜੀਤ ਸਿੰਘ ਢਾਡੀ ਗੁਰਪ੍ਰਤਾਪ ਸਿੰਘ ਹਾਜ਼ਰ ਸਨ।

**(ਫੋਟੋਆਂ ਤੇ ਵੇਰਵਾ : ਭਾਈ ਕਪਤਾਨ ਸਿੰਘ ਵੁਲਵਰਹੈਂਪਟਨ ਯੂ ਕੇ)**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਅੱਜ 22 ਜੁਲਾਈ ਜਨਮ ਦਿਨ 'ਤੇ ਵਿਸ਼ੇਸ਼

# ਗੁਰਪ੍ਰਤਾਪ ਸੂਰਜ ਗ੍ਰੰਥ ਦੇ ਰਚਨਾਕਾਰ-ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਯਾਦ ਕਰਦਿਆਂ



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



**ਸਮੁੱਚੇ** ਸੰਸਾਰ ਵਿੱਚ ਸਥਾਪਤ ਗੁਰਦੁਆਰਾ ਸਾਹਿਬਾਨ ਵਿੱਚ ਸਿੱਖ ਇਤਿਹਾਸ ਦੀ ਕਥਾ ਰੋਜ਼ਾਨਾ ਕੀਤੀ ਜਾਂਦੀ ਹੈ । ਇਸ ਕਥਾ ਨੂੰ ਸੈਂਕੜੇ ਸਾਲਾਂ ਤੋਂ ਸਿੱਖ ਸੰਗਤ ਬੜੀ ਸ਼ਰਧਾ ਤੇ ਪ੍ਰੇਮ ਨਾਲ ਸਰਵਣ ਕਰਦੀ ਹੈ । ਇਸ ਗ੍ਰੰਥ ਦੇ ਰਚਨਹਾਰ ਮਹਾਂਕਵੀ ਭਾਈ ਸੰਤੋਖ ਸਿੰਘ ਵੱਲੋਂ ਅਨੇਕਾਂ ਹੋਰ ਗ੍ਰੰਥਾਂ ਵਿੱਚੋਂ ਹਵਾਲਿਆਂ ਸਹਿਤ ਆਪਣੇ ਵਿਚਾਰਾਂ ਨੂੰ ਵਿਸਥਾਰ ਦਿੱਤਾ ਹੈ । ਸਿੱਖ ਸੰਪਰਦਾਈ ਵਿਦਵਾਨ ਅਤੇ ਧਰਮ ਅਧਿਐਨ ਦੇ ਵਿੱਦਿਆਰਥੀ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਸਿੱਖ ਪੰਥ ਦੀ ਮਹਾਨ ਹਸਤੀ ਅਤੇ ਦੂਰਦਰਸ਼ੀ ਵਿਦਵਾਨ ਵਜੋਂ ਸਤਿਕਾਰ ਦਿੰਦੇ ਹਨ । ਇਨ੍ਹਾਂ ਦੇ ਪਿਤਾ ਜੀ ਭਾਈ ਦੇਵਾ ਸਿੰਘ ਨਿਰਮਲ ਸੰਪਰਦਾ ਦੇ ਸੰਤ ਮਹਾਂਪੁਰਸ਼ਾਂ ਦੀ ਸੰਗਤ ਕਰਦੇ ਸਨ । ਨਿਰਮਲੇ ਸੰਤਾਂ ਵਿੱਚ ਭਾਈ ਦੇਵਾ ਸਿੰਘ ਨੂੰ ਆਤਮ-ਰਸੀ ਮਹਾਂਪੁਰਸ਼ ਵਜੋਂ ਮਾਣ ਦਿੱਤਾ ਜਾਂਦਾ ਸੀ । ਭਾਈ ਸੰਤੋਖ ਸਿੰਘ ਦਾ ਜਨਮ ਉਸ ਸਮੇਂ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਨੂਰ ਦੀਨ ਦੀ ਸਰਾਂ (ਮੌਜੂਦਾ ਜ਼ਿਲ੍ਹਾ ਤਰਨਤਾਰਨ) ਵਿਖੇ 22 ਜੁਲਾਈ ਅਰਥਾਤ 7 ਸਾਵਣ ਨੂੰ 1787 ਈ: ਵਿੱਚ ਭਾਈ ਦੇਵਾ ਸਿੰਘ ਤੇ ਮਾਤਾ ਰਾਜ ਦੇਈ ਦੇ ਗ੍ਰਹਿ ਵਿਖੇ ਹੋਇਆ । ਧਾਰਮਿਕ ਸੰਸਕਾਰ ਤੇ ਵਿੱਦਿਆ ਭਾਈ ਸੰਤੋਖ ਸਿੰਘ ਨੂੰ ਵਿਰਾਸਤ ਵਿੱਚੋਂ ਹੀ ਮਿਲ ਗਈ ਸੀ । ਘਰ ਦਾ ਰਹਿਣ-ਸਹਿਣ ਤੇ ਸੰਸਕਾਰੀ ਜੀਵਨ ਵਿੱਚੋਂ ਸਿੱਖ ਇਤਿਹਾਸ ਨੂੰ ਜਾਨਣਾ, ਵਿਚਾਰਨਾਂ ਤੇ ਵਰੇਡਿਆਂ ਦੀ ਸੰਗਤ ਤੇ ਤੀਖਣ ਬੁੱਧੀ ਵਿੱਚ ਕਵਿਤਾ ਵਰਗੀ ਕੋਮਲ ਕਲਾ ਦਾ ਵਿਕਾਸ ਹੋਇਆ । ਪੰਜਾਬ ਵਿੱਚ ਮਿਸਲਾਂ ਦਾ ਬੋਲਬਾਲਾ ਸੀ, ਹਰ ਮਿਸਲ ਦਾ ਸਰਦਾਰ ਆਪਣੀ ਮਿਸਲ ਦੇ ਵਾਧੇ ਲਈ ਜ਼ੋਰ-ਅਜ਼ਮਾਈ ਕਰਦਾ ਸੀ । ਪਿਤਾ ਜੀ ਭਾਈ ਦੇਵਾ ਸਿੰਘ ਦੀ ਨਿਗਰਾਨੀ ਵਿੱਚ ਬਚਪਨ ਤੋਂ ਜਵਾਨੀ ਦਾ ਸਫ਼ਰ ਤਹਿ ਕੀਤਾ ।

ਜਦੋਂ ਭਾਈ ਸਾਹਿਬ ਨੇ ਕਾਵਿ-ਰਚਨਾ ਸ਼ੁਰੂ ਕੀਤੀ ਤਾਂ ਸਭ ਤੋਂ ਪਹਿਲਾਂ ਇਕ ਪੁਰਾਤਨ ਗ੍ਰੰਥ ਅਮਰ ਕੋਸ਼ ਦਾ ਅਨੁਵਾਦ ਨਾਮ ਕੋਸ਼ ਦੇ ਰੂਪ ਵਿੱਚ ਕਰਕੇ ਆਪਣੇ ਗਿਆਨ-ਭੰਡਾਰ ਵਿੱਚ ਵਾਧਾ ਕੀਤਾ । ਇਸ ਤੋਂ ਪਿੱਛੋਂ ਇਕ ਮਹਾਨ ਰਚਨਾ ਜੋ ਸਿੱਖ ਧਰਮ ਦੇ ਮੋਢੀ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਸੀ, ਜੋ ਗੁਰੂ ਨਾਨਕ ਪ੍ਰਕਾਸ਼ ਦੇ ਨਾਂਅ ਨਾਲ ਜਾਣੀ ਜਾਂਦੀ ਹੈ, ਦੀ ਰਚਨਾ ਕੀਤੀ ।

ਲਗਪਗ 36 ਸਾਲ ਦੀ ਆਯੂ ਵਿੱਚ ਮਹਾਂਕਵੀ ਭਾਈ ਸੰਤੋਖ ਸਿੰਘ ਜਗਾਧਰੀ ਨੇੜੇ ਬੂੜੀਆਂ ਰਿਆਸਤ ਵਿਖੇ ਚਲੇ ਗਏ । ਇਸ ਰਿਆਸਤ ਦੇ ਨਿਵਾਸ ਦੌਰਾਨ ਇਨ੍ਹਾਂ ਦੀ ਸ਼ਾਦੀ ਬੀਬੀ ਰਾਮ ਕੌਰ ਨਾਲ ਹੋਈ । ਇਥੇ ਰਹਿੰਦਿਆਂ ਹੀ ਤਿੰਨ-ਚਾਰ ਸਾਲਾਂ ਵਿੱਚ ਹੀ ਇਨ੍ਹਾਂ ਦੀ ਵਿਦਵਤਾ ਦੀ ਚਰਚਾ ਸਮੁੱਚੀਆਂ ਸੰਪਰਦਾਵਾਂ ਤੇ ਸਿੱਖ ਜਗਤ ਵਿੱਚ ਹੋਣ ਲੱਗੀ । ਇਨ੍ਹਾਂ ਦੇ ਪ੍ਰਮੁੱਖ ਵਿਦਵਾਨ ਕਵੀ ਵਜੋਂ ਮਾਣ-ਵੱਡਿਆਈ ਦਾ ਇਹ ਸਿਖਰ ਸੀ । ਪੰਜਾਬ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੀ ਖ਼ਾਲਸਾ ਸਰਕਾਰ ਹਕੂਮਤ ਕਰ ਰਹੀ ਸੀ । 1827 ਈ: ਵਿੱਚ ਕੈਥਲ ਰਿਆਸਤ ਨੇ ਭਾਈ ਸੰਤੋਖ ਸਿੰਘ ਮਹਾਂਕਵੀ ਨੂੰ ਆਪਣੇ ਰਾਜ ਦਾ ਰਾਜ ਕਵੀ ਬਣਾ ਲਿਆ । ਇਸੇ ਕਾਲ ਦੇ ਦੌਰਾਨ ਆਪ ਨੇ ਸਭ ਤੋਂ ਪਹਿਲਾਂ ਗਰਬ ਗੰਜਨੀ ਟੀਕਾ ਅਤੇ ਫਿਰ ਬਾਲਮੀਕੀ ਰਮਾਇਣ ਭਾਸ਼ਾ ਅਤੇ ਆਤਮ ਪੁਰਾਣ ਦੀ ਰਚਨਾ ਕੀਤੀ ।

ਗੁਰ ਪ੍ਰਤਾਪ ਸੂਰਜ ਗ੍ਰੰਥ ਦੀ ਰਚਨਾ ਕਰਨ ਲਈ ਸੱਤ ਸਾਲ ਦਾ ਸਮਾਂ ਲੱਗਾ । ਇਹ ਮਹਾਨ ਗ੍ਰੰਥ 1843 ਈ: ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਤੋਂ 4 ਸਾਲ ਬਾਅਦ ਮੁਕੰਮਲ ਹੋਇਆ । ਮਹਾਂਕਵੀ ਭਾਈ ਸੰਤੋਖ ਸਿੰਘ ਨੇ ਭਾਰਤੀ ਦਰਸ਼ਨ ਸ਼ਾਸਤਰ, ਕਾਵਿ-ਸ਼ਾਸਤਰ ਤੇ ਧਰਮ ਸਾਧਨਾ ਦਾ ਅਧਿਐਨ ਇਕ ਨਿਸ਼ਠਾਵਾਨ ਵਿਦਵਾਨ ਵਜੋਂ ਕੀਤਾ । ਜਦੋਂ ਅਜੋਕੇ ਸਮੇਂ ਵਿੱਚ ਅਸੀਂ ਭਾਰਤੀ ਪੁਰਾਤਨ ਧਾਰਮਿਕ ਵਿੱਦਿਆ ਦੀ ਕੋਈ ਉਦਾਹਰਣ ਦਿੰਦੇ ਹਾਂ ਤਾਂ ਸਭ ਤੋਂ ਪਹਿਲਾਂ ਮਹਾਂਕਵੀ ਭਾਈ ਸੰਤੋਖ ਸਿੰਘ ਦਾ ਜ਼ਿਕਰ ਮਿਲਦਾ ਹੈ, ਜਿਸ ਨੇ ਭਾਰਤੀ ਸੰਸਕ੍ਰਿਤੀ ਅਤੇ ਧਰਮ-ਅਧਿਐਨ ਵਿੱਚ ਨਿਪੁੰਨਤਾ ਹਾਸਲ ਕੀਤੀ । ਇਸ ਤੋਂ ਇਲਾਵਾ ਸ਼ਸਤਰ ਅਤੇ ਯੁੱਧ ਕਲਾ ਦੀ ਵਿੱਦਿਆ ਵਿੱਚ ਵੀ ਭਾਈ ਸਾਹਿਬ ਨੂੰ ਸਤਿਕਾਰ ਵਜੋਂ ਯਾਦ ਕੀਤਾ ਜਾਂਦਾ ਹੈ । ਬਹੁ-ਭਾਸ਼ਾਵਾਂ ਦੇ ਗਿਆਤਾ ਵਜੋਂ ਅਜੋਕੇ ਵਿਦਵਾਨ ਆਪ ਜੀ ਨੂੰ ਕਦਰਦਾਨ ਵਾਲੀ ਨਜ਼ਰ ਨਾਲ ਵੇਖਦੇ ਹਨ । ਕਵਿਤਾ ਵਰਗੀ ਕੋਮਲ ਕਲਾ ਦਾ ਆਵੇਸ਼ ਮਹਾਂਕਵੀ ਭਾਈ ਸੰਤੋਖ ਸਿੰਘ ਨੂੰ ਆਪ-ਮੁਹਾਰੇ ਰੱਬੀ ਬਖ਼ਿਸ਼ਸ਼ ਨਾਲ ਹੁੰਦਾ ਸੀ । ਇੰਨੇ ਵੱਡੇ ਵਿਦਵਾਨ ਤੇ ਗਿਆਨਵਾਨ ਹੋਣ ਦੇ ਨਾਤੇ ਅਹੰਕਾਰ ਵਰਗਾ ਵੱਡਾ ਔਗੁਣ ਆਪ ਤੋਂ ਕੋਹਾਂ ਦੂਰ ਰਹਿੰਦਾ ਸੀ । ਆਪ ਨਿਮਰਤਾ, ਕੋਮਲਤਾ, ਨਿਰਮਾਣਤਾ ਅਤੇ ਉਦਾਰ ਚਿੱਤ ਸੁਭਾਅ ਦੇ ਮਾਲਕ, ਪੂਰਨ ਗੁਰਮੁੱਖ ਸਨ । ਤਿਆਗ ਤੇ ਵੈਰਾਗ ਆਪ ਦੇ ਜੀਵਨ ਦੇ ਵੱਡੇ ਗੁਣ ਸਨ । ਗੁਰਪ੍ਰਤਾਪ ਸੂਰਜ ਗ੍ਰੰਥ ਦੀ ਮਹਾਨ ਰਚਨਾ ਤੋਂ ਪਿੱਛੋਂ ਆਪ ਤਿੰਨ ਕੁ ਮਹੀਨੇ ਹੀ ਸਰੀਰ ਕਰਕੇ ਇਸ ਨਾਸ਼ਵਾਨ ਸੰਸਾਰ ਵਿੱਚ ਰਹੇ । 56-57 ਸਾਲ ਦੀ ਅਰਜਾ ਭੋਗ ਕੇ ਆਪ ਆਪਣੇ ਲੱਖਾਂ ਸਨੇਹੀਆਂ ਨੂੰ ਅਛੋਪਲੇ ਜਿਹੇ ਅਲਵਿਦਾ ਆਖ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ । ਸਮੁੱਚੇ ਸਿੱਖ ਜਗਤ ਵਿੱਚ ਆਪ ਜੀ ਦੀ ਯਾਦ ਸਦੀਵੀ ਬਣੀ ਰਹੇਗੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਬੰਧਕੀ ਯੁਗਤ ਨੂੰ ਨਵਿਆਉਣ ਸਬੰਧੀ ਵਿਚਾਰ ਗੋਸ਼ਿਟ ਹੋਈ

# ਲੱਖੀ ਜੰਗਲ ਖਾਲਸਾ ਜਥੇ ਦੇ ਸੱਦੇ 'ਤੇ ਵੱਖ-ਵੱਖ ਸਿੱਖ ਜਥਿਆਂ ਅਤੇ ਸ਼ਖ਼ਸੀਅਤਾਂ ਨੇ ਕੀਤੀ ਸ਼ਮੂਲੀਅਤ



**ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਲੱਖੀ ਜੰਗਲ ਖਾਲਸਾ ਜਥੇ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਬੰਧਕੀ ਯੁਗਤ ਨੂੰ ਨਵਿਆਉਣ ਲਈ ਬੀਤੇ ਦਿਨ ਵਿਚਾਰ ਹਿਤ ਗੋਸ਼ਿਟ ਸਭਾ ਕਰਵਾਈ ਗਈ ਜਿਸ ਵਿੱਚ ਵੱਖ-ਵੱਖ ਸਿੱਖ ਜਥਿਆਂ ਦੇ ਨੁਮਾਇੰਦਿਆਂ ਅਤੇ ਸਿੱਖ ਸਖਸ਼ੀਅਤਾਂ ਨੇ ਸ਼ਮੂਲੀਅਤ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਬੁੰਗਾ ਰਵਿਦਾਸੀਆਂ ਸਿੰਘਾਂ ਦਮਦਮਾ ਸਾਹਿਬ ਵਿਖੇ ਹੋਈ ਇਸ ਗੋਸ਼ਿਟ ਸਭਾ ਵਿੱਚ ਸਾਂਝੇ ਰੂਪ ਵਿੱਚ ਇਹ ਗੱਲ ਉੱਭਰ ਕੇ ਆਈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੌਜੂਦਾ ਪ੍ਰਬੰਧ ਵਿੱਚ ਤਖਤ ਸਾਹਿਬ ਦੀ ਸੇਵਾ ਸੰਭਾਲ ਇੱਕ ਅਜ਼ਾਦ ਜਥੇ ਕੋਲ ਨਾ ਹੋ ਕੇ ਵੋਟਤੰਤਰ ਵਾਲੀ ਇੱਕ ਪਾਰਟੀ ਅਤੇ ਉਸ ਵਿੱਚ ਵੀ ਇੱਕ ਵਿਅਕਤੀ ਵਿਸ਼ੇਸ਼ ਕੋਲ ਹੈ ਜੋ ਖੁਦ ਦੂਸਰੀਆਂ ਸੰਸਥਾਵਾਂ ਦੇ ਕੁੰਡੇ ਹੇਠ ਹੈ। ਗੋਸ਼ਿਟ 'ਚ ਵਿਚਾਰ ਰੱਖਦਿਆਂ ਆਗੂਆਂ ਨੇ ਕਿਹਾ ਕਿ ਇਹ ਵਰਤਮਾਨ ਬਣਤਰ ਹੀ ਸ੍ਰੀ ਅਕਾਲ ਤਖਤ ਸਾਹਿਬ ਦੀ ਸ਼ਾਖ ਦੀ ਗਿਰਾਵਟ ਦਾ ਮੁੱਖ ਕਾਰਨ ਹੈ ਕਿਉਂਕਿ ਸਿਆਸੀ ਪਾਰਟੀਆਂ ਅਕਸਰ ਹੀ ਆਪਣੇ ਸੱਤਾ ਸੁਖ ਨੂੰ ਮਾਨਣ ਦੇ ਲਾਲਚ ਵਿੱਚ ਸਰਬਤ ਖਾਲਸਾ, ਪੰਥ ਦੀ ਸ਼ਮੂਲੀਅਤ ਤੋਂ ਬਿਨਾਂ ਅਤੇ ਬਗੈਰ ਕਿਸੇ ਵਿਧੀ ਵਿਧਾਨ ਦੇ ਆਪਣੀ ਮਨਮਰਜ਼ੀ ਦੇ ਫੈਸਲੇ ਲੈਂਦੀਆਂ ਹਨ ਜਿਸ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਮੁੱਚਾ ਪ੍ਰਬੰਧ ਠੀਕ ਨਹੀਂ ਚੱਲ ਰਿਹਾ ਅਤੇ ਇਸ ਨੂੰ ਬਦਲਣ ਦੇ ਅਮਲ ਵਿੱਚ ਵੀ ਸਿੱਖਾਂ ਨੇ ਹੁਣ ਤੱਕ ਗੁਰਮਤਿ ਅਨੁਸਾਰੀ ਪ੍ਰਬੰਧਕੀ ਜੁਗਤ ਦੀ ਥਾਂ ਦੁਨਿਆਵੀ ਤੌਰ ਤਰੀਕਿਆਂ ਨੂੰ ਤਰਜੀਹ ਦਿੱਤੀ ਹੈ ਜਦਕਿ ਇਸ ਜੁਗਤ ਨੂੰ ਠੀਕ ਕਰਨ ਲਈ ਸਿੱਖਾਂ ਨੂੰ ਆਪਣੀਆਂ ਰਵਾਇਤਾਂ ਤੋਂ ਸੇਧ ਲੈਣ ਅਤੇ ਆਪਸੀ ਵੀਚਾਰ ਦੀ ਲੋੜ ਹੈ ਉਨਾਂ ਅਨੁਸਾਰ ਅਜੋਕਾ ਸਮਾਂ ਵਿਅਕਤੀਗਤ ਸੁਧਾਰਾਂ ਦਾ ਨਹੀਂ ਸਗੋਂ ਢਾਂਚਾਗਤ ਤਬਦੀਲੀਆਂ ਲਿਆਉਣ ਦਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਿਰਮੌਰ ਅਤੇ ਸੁਤੰਤਰ ਸੰਸਥਾ ਹੈ, ਇਹ ਗੁਰੂ ਖਾਲਸਾ ਪੰਥ ਦੀ ਪ੍ਰਭੂਸੱਤਾ ਤੇ ਸਰਵ ਵਿਆਪਕਤਾ ਦਾ ਪ੍ਰਤੀਕ ਹੈ ਜੋ ਦੁਨੀਆ ਭਰ ਦੇ ਸਿੱਖਾਂ ਦੀ ਨੁਮਾਇੰਦਗੀ ਕਰਦਾ ਹੈ ਇਸਲਈ ਇਹ ਕਿਸੇ ਦੁਨਿਆਵੀ ਤਾਕਤ ਜਾਂ ਕਾਨੂੰਨ ਦੇ ਅਧੀਨ ਨਹੀਂ ਹੋ ਸਕਦਾ। ਸਭਾ ਦੀ ਆਰੰਭਤਾ ਤੋਂ ਪਹਿਲਾਂ ਗੁਰਮਤਿ ਮਰਿਆਦਾ ਮੁਤਾਬਕ ਸੰਗਤਾਂ ਨੇ ਰਸਭਿੰਨੇ ਕੀਰਤਨ ਦਾ ਆਨੰਦ ਮਾਣਿਆ। ਗੋਸ਼ਿਟ ਸਭਾ ਵਿੱਚ ਪੰਚ ਪ੍ਰਧਾਨੀ ਜਥੇ ਵੱਲੋਂ ਭਾਈ ਦਲਜੀਤ ਸਿੰਘ ਅਤੇ ਬਾਬਾ ਹਰਦੀਪ ਸਿੰਘ ਮਹਿਰਾਜ, ਪੰਥ ਸੇਵਕ ਜਥਾ ਦੋਆਬਾ ਤੋਂ ਭਾਈ ਮਨਧੀਰ ਸਿੰਘ, ਏਕਨੂਰ ਖਾਲਸਾ ਫ਼ੌਜ ਤੋਂ ਭਾਈ ਬਲਜਿੰਦਰ ਸਿੰਘ ਸਰਦੂਲਗੜ੍ਹ, ਭਾਈ ਜਸਵਿੰਦਰ ਸਿੰਘ ਕੁੰਡਲ, ਬਾਬਾ ਜਗਦੇਵ ਸਿੰਘ ਮਾਨਸਾ, ਸਿੱਖ ਪ੍ਰਚਾਰਕ ਜਗਤਾਰ ਸਿੰਘ, ਸਿੱਖ ਜਥਾ ਮਾਲਵਾ ਸੰਗਰੂਰ ਤੋਂ ਭਾਈ ਮਲਕੀਤ ਸਿੰਘ ਭਵਾਨੀਗੜ੍ਹ, ਭਾਈ ਸਵਰਨ ਸਿੰਘ ਕੋਟਧਰਮੂ, ਦਲ ਖਾਲਸਾ ਦੇ ਗੁਰਵਿੰਦਰ ਸਿੰਘ ਬਠਿੰਡਾ, ਭਾਈ ਰਾਜਵਿੰਦਰ ਸਿੰਘ ਖਾਲਸਾ (ਮਾਨਸਾ), ਗੁਰਜੀਤ ਸਿੰਘ ਦੁੱਗਾ, ਗਮਦੂਰ ਸਿੰਘ ਖਾਲਸਾ ਅਤੇ ਕਾਫੀ ਸੰਗਤ ਮੌਜੂਦ ਸੀ।



# ਪਿੰਡਾਂ ਚੋਗਾਵਾਂ, ਘੰਸ਼ਮਪੁਰ ਸਮੇਤ ਕਈ ਪਿੰਡਾਂ ਚ ਯੁੱਧ ਨਸ਼ਿਆਂ ਵਿਰੁੱਧ ਕੀਤੀਆਂ ਜਾਗਰੂਕਤਾ ਰੈਲੀਆਂ





**ਚੌਕ ਮਹਿਤਾ, 21 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸੂਬੇ ਚ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਚੋਗਾਵਾਂ ਸਾਧਪੁਰ, ਤਰਫਾਨ, ਘੰਸ਼ਮਪੁਰ, ਘੰਸ਼ਮਪੁਰ ਨਿੱਕਾ ਆਦਿ ਪਿੰਡਾਂ ਵਿਚ ਪੰਜਾਬ ਸਰਕਾਰ ਵੱਲੋ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਤਹਿਤ ਜਾਗਰੂਤਾ ਰੈਲੀਆਂ ਨੂੰ ਸਾਬੋਧਨ ਕਰਦਿਆਂ ਲੋਕਾਂ ਨੂੰ ਨਸਿਆਂ ਵਿਰੁੱਧ ਸਰਕਾਰ ਵਲੋਂ ਆਰੰਭੀ ਇਸ ਮੁਹਿੰਮ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ ਉਨ੍ਹਾਂ ਕਿਹਾ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮੁੱਖ ਏਜੰਡਾ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਰੰਗਲਾ ਪੰਜਾਬ ਬਣਾਉਣਾ ਹੈ ਜਿਸ ਲਈ ਪੰਜਾਬ ਸਰਕਾਰ ਵੱਲੋ ਕਈ ਸਖ਼ਤ ਕਦਮ ਚੁੱਕੇ ਜਾਂ ਰਹੇ ਹਨ ਅਤੇ ਇਸ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੋਕਾਂ ਦਾ ਭਰਵਾਂ ਸਮਰਥਨ ਮਿਲ ਰਿਹਾ ਹੈ ਲੋਕ ਆਪ ਮੁਹਾਰੇ ਨਸ਼ਿਆਂ ਵਿਰੁੱਧ ਕੱਢੀਆ ਜਾ ਰਹੀਆਂ ਜਾਗਰੂਕਤਾ ਰੈਲੀਆਂ ਚ ਵੱਧ ਚੜ੍ਹ ਕੇ ਹਿੱਸਾ ਲੈ ਰਹੇ ਹਨ ਤੇ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਲਈ ਪ੍ਰਸ਼ਾਸ਼ਨ ਦਾ ਸਾਥ ਦੇ ਰਹੇ ਹਨ। ਗਿੱਲ ਨੇ ਕਿਹਾ ਕਿ ਜਿਸ ਤਰ੍ਹਾਂ ਮਾਨ ਸਰਕਾਰ ਵਿਕਾਸ ਭਲਾਈ ਦੇ ਕੰਮਾਂ ਤੋਂ ਇਲਾਵਾ ਹਰੇਕ ਖੇਤਰ ਵਿੱਚ ਹਰ ਵਰਗ ਨੂੰ ਸਹੂਲਤਾਂ ਪੱਖੋਂ ਮਾਲੋ ਮਾਲ ਕਰ ਰਹੀ ਹੈ ਉਸ ਤੋਂ ਸਹਿਜੇ ਹੀ ਅੰਦਾਜਾ ਲਗਾਇਆ ਜਾਂਦਾ ਹੈ ਕਿ 2027 ਵਿੱਚ ਵੀ ਆਪ ਦੀ ਸਰਕਾਰ ਮੁੜ ਬਨਣ ਜਾ ਰਹੀ ਹੈ। ਇਸ ਮੌਕੇ ਤੇ ਇਸ ਮੌਕੇ ਤੇ ਸਿੱਖਿਆ ਕੋਆਰਡੀਨੇਟਰ ਪਰਮਿੰਦਰ ਸਿੰਘ ਉੱਪਲ,ਸ਼ਿਵਰਾਜ ਸਿੰਘ ਭੀਲੋਵਾਲ, ਸਰਪੰਚ ਮਨਦੀਪ ਸਿੰਘ ਤਨੇਲ, ਬਲਬੀਰ ਸਿੰਘ ਬੋਪਾਰਾਏ, ਪ੍ਰੇਮ ਸਿੰਘ ਸਰਪੰਚ ਤਰਫਾਨ, ਗੁਰਬਖਸ਼ ਸਿੰਘ ਚੋਗਾਵਾਂ, ਸਵਿੰਦਰ ਸਿੰਘ ਨਾਮਧਾਰੀ ਚੋਗਾਵਾਂ, ਪਰਮਜੀਤ ਸਿੰਘਮੱਤੇਵਾਲ, ਬਲਵਿੰਦਰ ਸਿੰਘ, ਹਰਪਾਲ ਸਿੰਘ ਮੱਤੇਵਾਲ, ਹਰਜੀਤ ਸਿੰਘ ਰਾਣਾ, ਰਾਮਨਦੀਪ ਕੌਰ ਸਰਪੰਚ, ਸਵਿੰਦਰ ਸਿੰਘ ਸਾਬਕਾ ਸਰਪੰਚ ਤਰਫਾਨ, ਬਲਵੰਤ ਸਿੰਘ ਸਰਪੰਚ ਘੰਸ਼ਮਪੁਰ ਬਲਜੀਤ ਸਿੰਘ ਸਰਾਂ ਐਸੀ ਸੀ ਜਨਰਲ ਸਕੱਤਰ ਆਦਿ ਵਿਸ਼ੇਸ਼ ਤੌਰ ਤੇ ਹਾਜਰ ਸਨ ।





ਜਨਮ ਦਿਨ ਮੁਬਾਰਕ

ਮੰਨਤਪ੍ਰੀਤ ਕੌਰ,ਪਿੰਡ ਗੋਪਾਲਪੁਰ ਜਿਲ੍ਹਾ ਸ੍ਰੀ ਅੰਮ੍ਰਿਤਸਰ । (ਤਸਵੀਰ : ਸ਼ਮਸ਼ੇਰ ਸਿੰਘ ਜੇਠੂਵਾਲ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪੰਜਾਬੀ ਸਭਿਆਚਾਰ ਦੀਆਂ ਮਾਨਮੱਤੀਆਂ ਹਸਤੀਆਂ ਨੇ ਸੇਖਰ ਤਲਵੰਡੀ ਦੀ

# 'ਫੁੱਲਾਂ ਵਾਲੇ ਖਤ' ਗੀਤਾਂ ਵਾਲੀ ਕਿਤਾਬ ਤੋਂ ਘੁੰਡ ਚਕਾਈ ਕੀਤੀ











**ਤਲਵੰਡੀ ਸਾਬੋ, 21 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਸਥਾਨਕ ਸ਼ਹਿਰ ਦੇ ਰਾਮਾ ਰੋਡ 'ਤੇ ਸਥਿਤ ਗੁਰੂ ਕਾਸੀ ਕੈਂਪਸ ਦੇ ਯਾਦਵਿੰਦਰ ਕਾਲਜ ਵਿੱਚ ਅੱਜ ਇੱਕ ਪੰਜਾਬੀ ਸੱਭਿਆਚਾਰਕ ਪ੍ਰੋਗਰਾਮ ਵਿੱਚ ਪੰਜਾਬੀ ਸੱਭਿਆਚਾਰ ਦੀਆਂ ਮਾਣਮੱਤੀਆਂ ਹਸਤੀਆਂ ਪੰਜਾਬੀ ਟ੍ਰਿਬਿਊਨ ਦੇ ਸਾਬਕਾ ਸੰਪਾਦਕ ਸਿੱਧੂ ਦਮਦਮੀ, ਗੀਤਕਾਰ ਭਿੰਦਰ ਡੱਬਵਾਲੀ, ਗੀਤਕਾਰ ਮਨਪ੍ਰੀਤ ਟਿਵਾਣਾ, ਜਨਕ ਸੰਗਤ, ਮਹਾਰਾਜਾ ਰਣਜੀਤ ਸਿੰਘ ਦੇ ਸਾਬਕਾ ਡਾਇਰੈਕਟਰ ਬੂਟਾ ਸਿੰਘ ਧਿੰਗੜ ਨੇ ਸੇਖਰ ਤਲਵੰਡੀ ਦੀ ਗੀਤਾਂ ਵਾਲੀ ਕਿਤਾਬ 'ਫੁੱਲਾਂ ਵਾਲੇ ਖਤ' ਤੋਂ ਘੁੰਡ ਚੁਕਾਈ ਕੀਤੀ। ਇਸ ਮੌਕੇ ਜਿੱਥੇ ਹਾਜਰੀਨ ਹਸਤੀਆਂ ਨੇ ਸ਼ੇਖਰ ਤਲਵੰਡੀ ਦੇ ਲਿਖੇ ਵੱਖ-ਵੱਖ ਕਲਾਕਾਰਾਂ ਵੱਲੋਂ ਰਿਕਾਰਡ ਕੀਤੇ ਗੀਤਾਂ ਦੀ ਸ਼ਲਾਘਾ ਕੀਤੀ ਉੱਥੇ ਹੀ ਉਨਾਂ ਰਿਲੀਜ਼ ਕੀਤੀ ਕਿਤਾਬ ਦੀ ਵੀ ਰੱਜ ਕੇ ਸਲਾਘਾ ਕੀਤੀ ਜਿਸ ਵਿੱਚ ਸੱਭਿਆਚਾਰਕ ਗੀਤ ਲਿਖੇ ਗਏ ਹਨ। ਇਸ ਮੌਕੇ ਕਿਤਾਬ ਤੇ ਪਰਚਾ ਡਾਕਟਰ ਸੰਦੀਪ ਰਾਣਾ ਤੇ ਪ੍ਰੋਫੈਸਰ ਸੁਸੀਲ ਕੁਮਾਰ ਨੇ ਬਾਖੂਬੀ ਪੜ੍ਹਿਆ। ਇਸ ਮੌਕੇ ਪੰਜਾਬੀ ਦਾ ਪ੍ਰਸਿੱਧ ਕਲਾਕਾਰ ਟਾਈਗਰ ਤੰਗਰਾਲੀ ਨੇ ਵੀ ਆਪਣੇ ਪ੍ਰਸਿੱਧ ਗੀਤ ਗਾ ਕੇ ਸੁਣਾਏ। ਸਟੇਜ ਦੀ ਕਾਰਵਾਈ ਮਾਸਟਰ ਬੂਟਾ ਸਿੰਘ ਤੇ ਮਾਸਟਰ ਤਰਸੇਮ ਸਿੰਘ ਬੁੱਟਰ ਨੇ ਬਾਖੂਬੀ ਨਿਭਾਈ। ਇਸ ਮੌਕੇ ਗੁਰੂ ਕਾਸ਼ੀ ਸਾਹਿਤ ਸਭਾ, ਕਵੀਸ਼ਰੀ ਵਿਕਾਸ ਮੰਚ ਤੇ ਮਾਲਵਾ ਕਲੱਬ ਤਲਵੰਡੀ ਸਾਬੋ ਦੇ ਅਹੁਦੇਦਾਰਾਂ ਨੇ ਸ਼ੇਖਰ ਤਲਵੰਡੀ ਦਾ ਸਨਮਾਨ ਕੀਤਾ। ਇਸ ਮੌਕੇ ਪੰਜਾਬੀ ਭਾਸ਼ਾ ਸੱਭਿਆਚਾਰ ਅਫਸਰ ਬਲਜਿੰਦਰ ਜੌੜਕੀਆਂ, ਮਾਸਟਰ ਰੇਵਤੀ ਪ੍ਰਸ਼ਾਦ ਸ਼ਰਮਾ, ਮਾਲਵੇ ਦੇ ਉੱਘੇ ਕਵੀਸ਼ਰ ਦਰਸ਼ਨ ਭੰਮੇ, ਸੁਖਮੰਦਰ ਸਿੰਘ ਭਾਗੀਵਾਂਦਰ, ਕੌਂਸਲਰ ਬੱਬੀ ਚੱਠਾ, ਪ੍ਰਿੰਸੀ ਬਲਦੇਵ ਸਿੰਘ, ਦਰਸ਼ਨ ਚੱਠਾ, ਮਾਸਟਰ ਅੰਮ੍ਰਿਤਪਾਲ, ਪ੍ਰਿੰਸੀਪਲ ਹਰਬੰਸ ਸਿੰਘ ਮਾਨ, ਪ੍ਰਿੰਸੀਪਲ ਰਘਵੀਰ ਸਿੰਘ, ਮੈਡਮ ਬੰਦਨਾ ਰਾਣੀ, ਨਾਯਾਬ ਮਿੱਤਲ, ਸਿਨਾਜ ਮਿੱਤਲ ਪੀਸੀਐਸ, ਮਨੀਸ਼ਾ ਮਿੱਤਲ ਸਮੇਤ ਵੱਡੀ ਗਿਣਤੀ ਵਿੱਚ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਹਸਤੀਆਂ ਵੀ ਮੌਜੂਦ ਸਨ।

### ਪੰਜਾਬੀ ਦੇ ਪ੍ਰਸਿੱਧ ਕਲਾਕਾਰ ਟਾਈਗਰ ਤੰਗਰਾਲੀ ਨੇ ਆਪਣੇ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕੀਤਾ

ਆਵਾਜ਼ਿ ਕੌਮ AWAZE QAUM International Newspaper & WEB TV

# ਤੀਆਂ ਦਾ ਤਿਉਹਾਰ ਮਨਾਇਆ



**ਚੌਕ ਮਹਿਤਾ, 20 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )** -ਸਥਾਨਕ ਕਸਬੇ ਦੇ ਨੇੜੇ ਪੈਂਦੇ ਪਿੰਡ ਅਜਾਇਬ ਵਾਲੀ ਵਿਖੇ ਤੀਆਂ ਦਾ ਤਿਉਹਾਰ ਮਨਾਇਆ ਗਿਆ । ਤੀਆਂ ਦੇ ਲਾਏ ਗਏ ਇਸ ਮੇਲੇ ਦਾ ਪ੍ਰਬੰਧ ਗ੍ਰਾਮ ਪੰਚਾਇਤ ਅਜਾਇਬ ਵਾਲੀ ਦੇ ਸਰਪੰਚ ਚੰਨਪ੍ਰੀਤ ਸਿੰਘ ਵਲੋਂ ਕੀਤਾ ਗਿਆ ।ਇਸ ਮੌਕੇ ਤੇ ਸਰਪੰਚ ਚੰਨਪ੍ਰੀਤ ਸਿੰਘ ਅਜਾਇਬਵਾਲੀ ਨੇ ਗੱਲਬਾਤ ਕਰਦਿਆਂ ਕਿਹਾ ਕੇ ਅਜੋਕੀ ਨੌਜਵਾਨ ਪੀੜ੍ਹੀ ਆਪਣੇ ਅਮੀਰ ਪੰਜਾਬੀ ਸੱਭਿਆਚਾਰ ਨੂੰ ਭੁੱਲਦੀ ਜਾ ਰਹੀ ਹੈ।ਇਸ ਲਈ ਆਪਣੇ ਅਮੀਰ ਸੱਭਿਆਚਾਰ ਨੂੰ ਸੰਭਾਲ ਕੇ ਰੱਖਣਾ ਸਾਡਾ ਸਭ ਮੁੱਢਲਾ ਫਰਜ਼ ਹੈ ਤੇ ਅਜਿਹੇ ਤਿਉਹਾਰ ਮਨਾਉਣੇ ਚਾਹੀਦੇ ਹਨ ।ਇਸ ਮੌਕੇ ਤੇ ਨਵਨੀਤ ਕੌਰ ਅਜਾਇਬਵਾਲੀ , ਸਾਬਕਾ ਸਰਪੰਚ ਜਗਦੀਸ਼ ਕੌਰ ,ਸੋਨੀਆ,ਦਵਿੰਦਰ ਕੌਰ,ਗੁਰਪ੍ਰੀਤ ਕੌਰ,ਕੁਲਦੀਪ ਕੌਰ,ਜਸਵਿੰਦਰ ਸਿੰਘ ਕੌਰ,ਕੰਵਲਜੀਤ ਕੌਰ,ਮਨਪ੍ਰੀਤ ਕੌਰ,ਮੈਂਬਰ ਸਿਮਰਜੀਤ ਕੌਰ,ਸਿਮਰਨਜੀਤ ਕੌਰ,ਨਵਦੀਪ ਕੌਰ,ਸੈਲੀ,ਗੁਰਿੰਦਰ ਕੌਰ,ਅਮਨਦੀਪ ਕੌਰ,ਮਨਜੀਤ ਕੌਰ,ਚਰਨਜੀਤ ਕੌਰ,ਕਿੰਦਰ,ਸੁਖਰਾਜ ਕੌਰ, ਮਨਦੀਪ ਕੌਰ,ਸਨੀਤਾ ,ਬਲਵਿੰਦਰ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਮੇਜਰ ਸਿੰਘ ਸੋਢੀ ਵਲੋਂ ਭਾਈ ਮਨਜੀਤ ਮੁਖੀ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ ਦਾ ਸਨਮਾਨ



**ਚੌਕ ਮਹਿਤਾ, 21ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੰਘ ਸਾਹਿਬ ਰਤਨ-ਏ-ਕੌਮ-ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁੱਖੀ ਸ਼੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ, ਪੰਜਵਾਂ ਨਿਸ਼ਾਨ ਮਿਸਲ ਸ਼ਹੀਦ ਬਾਬਾ ਬੀਰ ਸਿੰਘ (ਰੰਘਰੇਟੇ) 13 ਸੌ ਘੋੜ ਸਵਾਰ ਵਲੋਂ ਸਵੈ ਸੇਵੀ ਸਮਾਜਿਕ ਸੰਸਥਾ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੋਸਾਇਟੀ ਨੰਗਲ ਦਿਆਲ ਸਿੰਘ ਦੇ ਮੁੱਖੀ ਭਾਈ ਮਨਜੀਤ ਸਿੰਘ ਦਾ ਉਨ੍ਹਾਂ ਦੀਆਂ ਸਮਾਜ ਸੇਵਾਵਾਂ ਜਿਸ 'ਚ ਹਲਕਾ ਜੰਡਿਆਲਾ ਗੁਰੂ 'ਚ ਮੁਫ਼ਤ ਐਂਬੂਲੈਂਸ, ਗਰੀਬ ਲੋੜਵੰਦ ਧੀਆਂ ਦੇ ਵਿਆਹ ਲਈ ਨਗਦ ਰਾਸ਼ੀ, ਜ਼ਰੂਰਤਮੰਦ ਪਰਿਵਾਰਾਂ ਨੂੰ ਮੁਫ਼ਤ ਰਾਸ਼ਨ, ਇਲਾਜ਼ ਆਦਿ ਤੋਂ ਇਲਾਵਾ ਕੇਂਦਰ ਤੇ ਸੂਬਾ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਪਿੰਡ-ਪਿੰਡ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਤੇ ਲਾਭ ਲੈਣ 'ਚ ਸਹਾਇਤਾ ਕਰਨ ਆਦਿ ਸ਼ਾਮਿਲ ਹੈ ਨੂੰ ਮੱਦੇਨਜ਼ਰ ਰੱਖਦਿਆਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਭਾਈ ਮਨਜੀਤ ਸਿੰਘ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਲਈ ਹਲਕਾ ਜੰਡਿਆਲਾ ਗੁਰੂ ਤੋਂ ਐੱਮ. ਐੱਲ. ਏ. ਦੀ ਚੋਣ ਲੜਨ ਦਾ ਥਾਪੜਾ ਦਿੱਤਾ ਗਿਆ। ਇਸ ਮੌਕੇ ਭਾਈ ਹਰਵਿੰਦਰ ਸਿੰਘ ਫੌਜੀ ਨੰਗਲ ਦਿਆਲ ਸਿੰਘ, ਮੰਗਲ ਸਿੰਘ ਨਵਾਂ ਪਿੰਡ ਡੱਟਿੰਗ-ਪੇਂਟਰ ਜਹਾਜਗੜ੍ਹ ਅੰਮ੍ਰਿਤਸਰ, ਹਰਜੀਤ ਸਿੰਘ ਸਾਬਕਾ ਸਰਪੰਚ ਵਡਾਲਾ ਜੌਹਲ, ਜਥੇਦਾਰ ਕਰਤਾਰ ਸਿੰਘ ਵਡਾਲਾ ਜੌਹਲ ਤੇ ਦਲ ਦੇ ਨਿਹੰਗ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਦੀ ਅਕੈਡਮੀ ਦਾ ਵਿਦਿਆਰਥੀ ਭਾਈ ਜਸਨਦੀਪ ਸਿੰਘ ਪੰਜਾਬ ਯੂਥ ਬੋਕਸਿੰਗ ਸਟੇਟ ਵਿੱਚ ਗੋਲਡ ਮੈਡਲ ਜਿੱਤਿਆ

## ਸੰਤ ਬਾਬਾ ਮਲਕੀਅਤ ਸਿੰਘ ਜੀ ਖਾਲਸਾ ਨੇ ਜਸਨਦੀਪ ਸਿੰਘ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ 21 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਬਾਬਾ ਮਲਕੀਅਤ ਸਿੰਘ ਜੀ ਖਾਲਸਾ ਜਬੋਵਾਲ ਵਾਲਿਆਂ ਦੀ ਅਗਵਾਈ ਹੇਠ ਚੱਲ ਰਹੀ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਦੇ ਅਕੈਡਮੀ ਦੇ ਵਿਦਿਆਰਥੀ ਭਾਈ ਜਸਨਦੀਪ ਸਿੰਘ ਨੇ ਪੰਜਾਬ ਯੂਥ ਬੋਕਸਿੰਗ ਸਟੇਟ ਵਿੱਚੋਂ ਗੋਲਡ ਮੈਡਲ ਜਿੱਤਕੇ ਪਹਿਲਾਂ ਸਥਾਨ ਪ੍ਰਾਪਤ ਕਰਕੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਦੀ ਅਕੈਡਮੀ ਵਿੱਚ ਪਾਉਚੇ ਤਾ ਸੰਤ ਬਾਬਾ ਮਲਕੀਅਤ ਸਿੰਘ ਅਤੇ ਹੋਰ ਮੁੱਖੀ ਸਿੰਘਾਂ ਨੇ ਭਾਈ ਜਸਨਦੀਪ ਸਿੰਘ ਦਾ ਨਿੱਘਾ ਸਵਾਗਤ ਕੀਤਾ ਗਿਆ । ਅਤੇ ਸਮੂਹ ਵਿਦਿਆਰਥੀਆਂ ਦੀ ਭਲੇ ਦੀ ਅਤੇ ਹੋਰ ਵਿਦਿਆਰਥੀਆਂ ਦੀ ਚੜਦੀ ਕਲਾ ਅਤੇ ਕਾਮਜਾਬੀ ਦੀਆਂ ਅਰਦਾਸਾਂ ਬੇਨਤੀਆਂ ਕੀਤੀਆਂ ਗਈਆਂ।ਸੰਗਤਾਂ ਦੀ ਜਾਣਕਾਰੀ ਲਈ ਦੱਸਿਆ ਜਾਂਦਾ ਹੈ ਕਿ ਸੰਤ ਬਾਬਾ ਮਲਕੀਅਤ ਸਿੰਘ ਜੀ ਖਾਲਸਾ ਦੀ ਅਗਵਾਈ ਹੇਠਾਂ ਅਨੇਕਾਂ ਸਹੀਦਾਂ ਪਰਿਵਾਰਾ ਦੀ ਸਹਾਇਤਾ ਕੀਤੀ ਜਾਂਦੀ ਹੈ। ਇਸ ਅਕੈਡਮੀ ਵਿੱਚ ਲੋੜਵੰਦ ਅਤੇ ਲਵਾਰਸ ਬੱਚੇ ਬੱਚੀਆਂ ਨੂੰ ਅੰਮਿਤ ਛੱਕਾਕੇ ਬਾਣੀ ਅਤੇ ਬਾਣੇ ਦੇ ਧਾਰਨੀ ਹੋਕੇ ਵਿਦਿਆ, ਗੁਰਬਾਣੀ ਦੀ ਸੰਥਿਆ, ਗੱਤਕਾ, ਕੀਰਤਨ, ਕਥਾ ਅਤੇ ਨਾਲ ਨਾਲ ਖੇਡਾਂ ਅਤੇ ਧਾਰਮਿਕ ਸਮਾਗਮ ਵੀ ਕਰਵਾਏ ਜਾਂਦੇ ਹਨ। ਇਹ ਸਾਰੇ ਕਾਰਜ ਫਰੀ ਕੀਤੇ ਜਾਂਦੇ ਹਨ। ਇਨ੍ਹਾਂ ਕਾਰਜਾਂ ਲਈ ਸੰਤ ਬਾਬਾ ਮਲਕੀਅਤ ਸਿੰਘ ਜੀ ਦਿਨ ਰਾਤ ਇੱਕ ਕਰਕੇ ਕਰਵਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸਿੰਘ ਸਭਾ ਸਾਊਥਾਲ ਵਿਖੇ ਸਿੱਖ ਸ਼ੰਘਰਸ਼ ਵਿੱਚ

# ਸ਼ਹੀਦ ਹੋਏ ਖਾੜਕੂ ਜਰਨੈਲਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਆਯੋਜਿਤ

**ਕਾਂਗਰਸੀ ਹਾਕਮਾਂ ਨੇ ਪੰਜਾਬ , ਦਿੱਲੀ ਤੇ ਭਾਰਤ ਪਰ ਵਿੱਚ ਜੋ ਸਿੱਖਾਂ ਤੇ ਨਵੰਬਰ 1984 ਵਿੱਚ ਜੋ ਸਿੱਖਾਂ ਦੀ ਨਸਲਕੁਸ਼ੀ ਦਾ ਦੌਰ ਚਲਾਇਆ, ਉਸ ਵਿਰੁੱਧ ਕੁਰਬਾਨੀਆਂ ਵਾਲੇ ਸਿੱਖ ਸੂਰਮੇ ਮੈਦਾਨ ਵਿੱਚ ਆਏ ਤੇ ਕਈ ਦੋਸ਼ੀਆਂ ਨੂੰ ਆਪਣੇ ਹੱਥੀਂ ਸਬਕ ਸਿਖਾਇਆ**


















**ਸਾਊਥਾਲ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਯੂ ਕੇ ਪ੍ਰਸਿੱਧ ਗੁਰਦੁਆਰਾ ਸਿੰਘ ਸਭਾ ਸਾਊਥਾਲ , ਵਿਖੇ ਸਿੱਖ ਸ਼ੰਘਰਸ਼ ਵਿੱਚ ਸ਼ਹੀਦ ਹੋਏ ਖਾੜਕੂ ਜਰਨੈਲਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਕੀਤਾ ਗਿਆ। ਜਨਰਲ ਲਾਭ ਸਿੰਘ , ਜਨਰਲ ਅਵਤਾਰ ਸਿੰਘ ਬ੍ਰਹਮਾ , ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ , ਭਾਈ ਮਹਿੰਦਰ ਸਿੰਘ ਖ਼ਾਲਸਾ , ਟਰੰਟੋ , ਕੈਨੇਡਾ ਦੀ ਸ਼ਹਾਦਤ ਨੂੰ ਯਾਦ ਕੀਤਾ ਗਿਆ । ਉਹਨਾਂ ਦੀ ਜ਼ਿੰਦਗੀ ਦੇ ਸਫ਼ਰ ਤੇ ਕੁਰਬਾਨੀਆਂ ਨੂੰ ਸੰਗਤ ਸਾਹਮਣੇ ਰੱਖਿਆ ਗਿਆ । ਸਿੰਘ ਸਭਾ ਦੇ ਮੀਤ ਪ੍ਰਧਾਨ, ਪੰਥਕ ਆਗੂ ਸ੍ਰ ਕੁਲਵੰਤ ਸਿੰਘ ਭਿੰਡਰ ਨੇ ਆਈਆਂ ਸੰਗਤਾਂ ਨੂੰ ਜੀ ਆਇਆਂ ਕਹਿੰਦਿਆਂ, ਸ਼ਰਧਾਂਜਲੀ ਪੇਸ਼ ਕਰਦਿਆਂ ਇਸ ਸਮਾਗਮ ਦੀ ਸ਼ੁਰੂਆਤ ਕੀਤੀ । ਇਸ ਸਮੇ ਸਿਖ ਫੈਡਰੇਸ਼ਨ ਦੇ ਪ੍ਰਧਾਨ ਪਰਮਿੰਦਰ ਸਿੰਘ ਬੱਲ ਨੇ ਖਾੜਕੂ ਜਰਨੈਲਾਂ ਦੀ ਜ਼ਿੰਦਗੀ , ਨਾਤੇ ਤੇ ਸ਼ਹਾਦਤ ਤੇ ਬੋਲਦਿਆਂ ਉਹਨਾਂ ਦੇ ਚੁਣੇ ਕਰਮ ਖੇਤਰ ਦਾ ਜ਼ਿਕਰ ਕੀਤਾ । ਉਹ ਇਹ ਸੀ ਕਿ ਜ਼ੁਲਮ ਵਿਰੁੱਧ ਲੜਨਾ । ਜੋ ਜ਼ੁਲਮ ਕਾਂਗਰਸ ਦੇ ਲਗਾਤਾਰ ਰਾਜ-ਪ੍ਰਬੰਧਾਂ ਨੇ ਸਿੱਖਾਂ ਤੇ ਢਾਹਿਆ ਸੀ । ਜੂਨ 1984 ਵਿੱਚ ਇੰਦਰਾ ਗਾਂਧੀ ਨੇ ਦਰਬਾਰ ਸਾਹਿਬ ਤੇ ਹਮਲਾ ਕਰਕੇ ਜੋ ਘਿਨਾਉਣੇ ਤੇ ਸਿੱਖਾਂ ਨੂੰ ਮਾਰ ਮੁਕਾਉਣ ਦੀ ਨੀਤੀ ਘੜੀ ਸੀ। ਉਸ ਵਿਰੁੱਧ ਇਹਨਾਂ ਸੂਰਮਿਆਂ ਨੇ ਸੰਗਰਾਮ ਛੇੜਿਆਂ ਤੇ ਢੁਕਵੇ ਮੁਕਾਬਲੇ ਕੀਤੇ । ਕਾਂਗਰਸੀ ਹਾਕਮਾਂ ਨੇ ਪੰਜਾਬ , ਦਿੱਲੀ ਤੇ ਭਾਰਤ ਪਰ ਵਿੱਚ ਜੋ ਸਿੱਖਾਂ ਤੇ ਨਵੰਬਰ 1984 ਵਿੱਚ ਜੋ ਸਿੱਖਾਂ ਦੀ ਨਸਲਕੁਸ਼ੀ ਦਾ ਦੌਰ ਚਲਾਇਆ । ਉਸ ਵਿਰੁੱਧ ਕੁਰਬਾਨੀਆਂ ਵਾਲੇ ਸਿੱਖ ਸੂਰਮੇ ਮੈਦਾਨ ਵਿੱਚ ਆਏ ਤੇ ਕਈ ਦੋਸ਼ੀਆਂ ਨੂੰ ਆਪਣੇ ਹੱਥੀਂ ਸਬਕ ਸਿਖਾਇਆ । ਇਸ ਸਮਾਗਮ ਨੂੰ ਸਾਬਕਾ ਫੈਡਰੇਸ਼ਨ ਪਰਧਾਨ ਡਾ. ਜਸਦੇਵ ਸਿੰਘ ਰਾਏ , ਜੋ ਸਿਖ ਹਿਊਮਨ ਰਾਈਟਸ ਆਧਾਰ ਸਿੱਖਾਂ ਦੇ ਕੇਸ ਨੂੰ ਅੰਤਰਰਾਸ਼ਟਰੀ ਪੱਧਰ ਤੇ ਉਜਾਗਰ ਕਰਦੇ ਹਨ , ਨੇ ਕਿਹਾ ਕਿ ਸਿੱਖਾਂ ਨੂੰ ਹਰ ਪੱਧਰ ਤੇ ਆਪਣੀ ਹੋਂਦ ਤੇ ਹੱਕ ਦਾ ਦਾਅਵਾ , ਯੂ ਐਨ ਓ ਰਾਹੀਂ ਕਰਨਾ ਚਾਹੀਦਾ ਹੈ ਉਹਨਾਂ ਕਿਹਾ ਕਿ ਇਹੀ ਇਕ ਅਜਿਹਾ ਖੇਤਰ ਹੈ , ਜਿੱਥੇ ਸੰਸਾਰ ਦੇ ਦੇਸ਼ ਤੱ ਕੌਮਾ ਦੀ ਪਹਿਚਾਣ ਤੇ ਹੋਂਦ ਨੂੰ ਕਾਇਮ ਰੱਖਿਆ ਜਾਂਦਾ ਹੈ । ਫੈਡਰੇਸ਼ਨ ਦੇ ਮੀਤ ਪ੍ਰਧਾਨ ਸ੍ਰ ਕੁਲਦੀਪ ਸਿੰਘ ਚਹੇੜੂ ( ਭਰਾਤਾ ਸ਼ਹੀਦ ਮਨਬੀਰ ਸਿੰਘ ਚਹੇੜੂ ) ਨੇ ਆਪਣੇ ਸਮੇ ਸੰਘਰਸ਼ ਵਿੱਚ ਵਿਚਰਨ ਸਮੇਂ ਨੂੰ ਯਾਦ ਕਰਦਿਆਂ, ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਤੇ ਸਾਰੇ ਪੰਥ ਨੂੰ ਇਕੱਤਰ ਹੋ ਕੇ ਚੱਲਣ ਦੀ ਅਪੀਲ ਕੀਤੀ । ਸਿੱਖ ਕੌਮ ਦੇ ਚਿੰਤਤ ਬੁਲਾਰੇ, ਇੰਟਰਨੇਸ਼ਨਲ ਪੰਥਕ ਦਲ ਦੇ ਆਗੂ ਭਾਈ ਬਗੇਲ ਸਿੰਘ ਨੇ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਸਿੱਖ ਕੌਮ ਦੇ ਆਗੂਆਂ ਨੂੰ ਹਰ ਪੱਖੋਂ ਸਾਂਝੇ ਤੌਰ ਤੇ ਵਿਚਰਨਾ ਚਾਹੀਦਾ ਹੈ । ਇਕੱਠਾਂ ਵਿੱਚ ਵਿਚਾਰਾਂ ਦੀ ਸਾਂਝ ਦੀ ਪਰਪਕਤਾ ਰਾਹੀਂ ਕੌਮੀ ਮੁੱਦਿਆਂ ਤੇ ਚਿੰਤਾ ਕਰਨੀ ਚਾਹੀਦੀ ਹੈ । ਸਿੱਖ ਦੀ ਪਹਿਚਾਣ ਤੇ ਉਸ ਦਾ ਪਹਿਲੂ ਹੀ ਗੁਰੂ ਸਿੱਖਿਆ ਹੈ । ਜਿਹਨਾਂ ਸੂਰਮੇਆਂ ਨੇ ਕੌਮ ਦੀ ਗੈਰਤ ਨੂੰ ਉੱਚਾ ਰੱਖਣ ਲਈ ਆਪਣੀਆਂ ਅਹੂਤੀਆਂ ਦਿੱਤਿਆਂ , ਉਹਨਾਂ ਦੇ ਸੁਨਹਰੀ ਇਤਿਹਾਸ ਨੂੰ ਭਵਿੱਖ ਦੀ ਸੋਚ ਬਣਾ ਕੇ ਸਾਂਝ ਤੇ ਇਕੱਠ ਜ਼ਰੂਰੀ ਹੈ । ਭਾਈ ਅਮਰੀਕ ਸਿੰਘ ਲੂਟਨ ਵਾਲਿਆਂ ਦੇ ਕੀਰਤਨੀ ਜੱਥੇ ਅਤੇ ਸਿੰਘ ਸਭਾ ਦੀਆਂ ਬੀਬੀਆਂ ਦੇ ਜਥੇ ਨੇ ਕੀਰਤਨ ਤੇ ਸ਼ਹੀਦੀ ਗੀਤਾਂ ਦੁਆਰਾ ਸੰਗਤਾਂ ਨੂੰਨਿਹਾਲ ਕੀਤਾ । ਸਭਾ ਦੇ ਸਾਬਕਾ ਪ੍ਰਧਾਨ ਸ੍ਰ ਗੁਰਮੇਲ ਸਿੰਘ ਮੱਲੀ ਤੇ ਹਰਜੀਤ ਸਿੰਘ ਸਰਪੰਚ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ । ਹਰਜੀਤ ਸਿੰਘ ਸਰਪੰਚ ਜੋ ਖੁਦ ਇਕ ਬੀਤੇ ਸਮੇਂ ਲਹਿਰ ਦੇ ਸਮਰਥਕ ਰਹੇ , ਨੇ ਆਪਣੇ ਖਿਆਲ ਪੇਸ਼ ਕੀਤੇ ਕਿ ਕਿਵੇਂ ਕਾਂਗਰਸ ਰਾਜ ਨੇ ਸ਼ੁਰੂ ਤੋਂ ਸਿੱਖਾਂ ਤੇ ਜ਼ੁਲਮ ਢਾਹੇ ਹਨ । ਸਮਾਗਮ ਵਿੱਚ ਸ੍ਰ ਪਰਮਿੰਦਰ ਸਿੰਘ ਬੱਲ ਨੇ ਭਾਈ ਦਲਜੀਤ ਸਿੰਘ ਦੀ ਲਿਖੀ ਕਿਤਾਬ , "ਖਾੜਕੂ ਸੰਘਰਸ਼ ਦੀ ਸਾਖੀ" ਸਟੇਜ ਤੋਂ ਸੰਗਤਾਂ ਸਾਹਮਣੇ ਪੇਸ਼ ਕੀਤੀ । ਅਪੀਲ ਕੀਤੀ ਕਿ ਲਹਿਰ ਦਾ ਇਤਿਹਾਸ ਆਪ ਪੜੋ ਅਤੇ ਆਪਣੇ ਬੱਚਿਆਂ ਨੂੰ ਪੜਾਓ । ਇਸ ਸ਼ਹੀਦੀ ਸਮਾਗਮ ਵਿੱਚ ਵੱਖ ਵੱਖ ਸ਼ਹਿਰਾਂ ਤੋ ਲਹਿਰ ਨਾਲ ਚੱਲੇ ਆ ਰਹੇ ਪੁਰਾਣੇ ਸੱਜਣ ਹਾਜ਼ਰ ਸਨ । ਹਰਮੇਲ ਸਿੰਘ ਖ਼ਾਲਸਾ (ਭਰਾਤਾ ਸ਼ਹੀਦ ਮਹਿੰਦਰ ਸਿੰਘ ਖ਼ਾਲਸਾ) ਅਜੀਤਪਾਲ ਸਿੰਘ,ਯਾਦਵਿੰਦਰ ਸਿੰਘ, ਗੁਰਮੀਤ ਸਿੰਘ ਸਿੱਧੂ, ਬਾਵਾ ਸਿੰਘ, ਬਲਬੀਰ ਸਿੰਘ , ਰਘਬੀਰ ਸਿੰਘ ਆਵਾਜੇ ਕੌਮ ਅਤੇ ਹੋਰ ਹਾਜ਼ਰ ਸਨ । ਸਮਾਗਮ ਦੀ ਸਮਾਪਤੀ ਤੇ ਭਾਈ ਪਰਮਜੀਤ ਸਿੰਘ ਰੁੜਕਾ ਵਾਲਿਆਂ ਦੇ ਢਾਡੀ ਜਥੇ ਨੇ ਢਾਡੀ ਵਾਰਾਂ ਗਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਤੇ ਸੰਗਤਾਂ ਨੂੰ ਨਿਹਾਲ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

‘ਵਿਕਸਿਤ ਅੰਮ੍ਰਿਤਸਰ’ ਰਾਹੀਂ ਤਰਨਜੀਤ ਸਿੰਘ ਸੰਧੂ ਦੀਆਂ ਪਹਿਲਕਦਮੀਆਂ

# ਅੰਮ੍ਰਿਤਸਰ ਦੇ ਸੁਨਹਿਰੀ ਭਵਿੱਖ ਵੱਲ ਲੈ ਜਾ ਰਹੀਆਂ ਹਨ



**ਅੰਮ੍ਰਿਤਸਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ, ਯੂਐਸ-ਇੰਡੀਆ ਸਟ੍ਰੈਟਜਿਕ ਪਾਰਟਨਰਸ਼ਿਪ ਫੋਰਮ ਦੇ ਮੌਜੂਦਾ ਸਲਾਹਕਾਰ ਅਤੇ ਜੀਓਪੌਲਿਟਿਕਲ ਇੰਸਟੀਚਿਊਟ ਦੇ ਚੇਅਰਮੈਨ ਸ. ਤਰਨਜੀਤ ਸਿੰਘ ਸੰਧੂ ਨੇ ਲੋਕ ਸਭਾ ਚੋਣਾਂ ਦੌਰਾਨ ਅੰਮ੍ਰਿਤਸਰ ਦੇ ਵਿਕਾਸ ਦਾ ਜੋ ਸੰਕਲਪ ਪੇਸ਼ ਕੀਤਾ ਉਸ ਨੂੰ ਸਾਕਾਰ ਕਰਨ ਲਈ “ਵਿਕਸਿਤ ਅੰਮ੍ਰਿਤਸਰ” ਰਾਹੀਂ ਪੂਰੀ ਤਤਪਰਤਾ ਨਾਲ ਕੰਮ ਕਰਨਾ ਜਾਰੀ ਰੱਖਿਆ ਹੋਇਆ ਹੈ। ਉਹ ਪ੍ਰਵਾਸੀ ਭਾਰਤੀਆਂ, ਖ਼ਾਸ ਕਰਕੇ ਅੰਮ੍ਰਿਤਸਰ ਨਾਲ ਜੁੜੇ ਗਲੋਬਲ ਭਾਰਤੀ ਭਾਈਚਾਰੇ ਦੇ ਸਮਰਥਨ ਨਾਲ ਅੰਮ੍ਰਿਤਸਰ ਦੀ ਆਰਥਿਕ, ਆਧੁਨਿਕ ਅਤੇ ਸਮਾਜਿਕ ਤਸਵੀਰ ਨੂੰ ਬਦਲਣ ਵਿੱਚ ਰੁੱਝੇ ਹੋਏ ਹਨ।

> ☛ ‘ਵਿਕਸਿਤ ਅੰਮ੍ਰਿਤਸਰ’ ਸਿਰਫ਼ ਇੱਕ ਪਹਿਲਕਦਮੀ ਨਹੀਂ ਹੈ, ਸਗੋਂ ਇੱਕ ਵਿਜ਼ਨ, ਸਮਰਪਣ ਅਤੇ ਜ਼ਿੰਮੇਵਾਰੀ ਦੀ ਇੱਕ ਲਹਿਰ ਹੈ: ਤਰਨਜੀਤ ਸਿੰਘ ਸੰਧੂ। ☛ ਅੰਮ੍ਰਿਤਸਰ ਨੂੰ ਦੁਬਾਰਾ ਉਨ੍ਹਾਂ ਉਚਾਈਆਂ ’ਤੇ ਲਿਜਾਣ ਲਈ ਉਤਸੁਕ ਹਾਂ ਜਿਸ ਦਾ ਇਹ ਸ਼ਹਿਰ ਹੱਕਦਾਰ ਹੈ : ਤਰਨਜੀਤ ਸਿੰਘ ਸੰਧੂ

ਭਾਵੇਂ ਅੰਮ੍ਰਿਤਸਰ ਇਤਿਹਾਸਕ ਤੌਰ ’ਤੇ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਵਿੱਚੋਂ ਇੱਕ ਰਿਹਾ ਹੈ, ਪਰ ਅੱਜ ਵੀ ਇਹ ਸ਼ਹਿਰ ਬਹੁਤ ਸਾਰੀਆਂ ਸਮੱਸਿਆਵਾਂ ਅਤੇ ਜ਼ਰੂਰਤਾਂ ਨਾਲ ਜੂਝ ਰਿਹਾ ਹੈ ਅਤੇ ਇੱਕ ਚੌਰਾਹੇ ’ਤੇ ਖੜ੍ਹਾ ਹੈ। ਇਨ੍ਹਾਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ “ਵਿਕਸਿਤ ਅੰਮ੍ਰਿਤਸਰ” ਅਧੀਨ ਠੋਸ ਯਤਨ ਕੀਤੇ ਜਾ ਰਹੇ ਹਨ। ਇਹ ਪਹਿਲਕਦਮੀ ਸਿਹਤ, ਸੈਰ-ਸਪਾਟਾ, ਖੇਤੀਬਾੜੀ, ਉਦਯੋਗ, ਵਪਾਰ, ਸਿੱਖਿਆ, ਸੂਚਨਾ ਤਕਨਾਲੋਜੀ, ਮਹਿਲਾ ਸਸ਼ਕਤੀਕਰਨ ਅਤੇ ਨੌਜਵਾਨ ਸਟਾਰਟਅੱਪ ਨੂੰ ਉਤਸ਼ਾਹਿਤ ਕਰਨ ਵਰਗੇ ਖੇਤਰਾਂ ’ਤੇ ਕੇਂਦਰਿਤ ਹੈ। “ਵਿਕਸਿਤ ਅੰਮ੍ਰਿਤਸਰ” ਦਾ ਕੇਂਦਰੀ ਦਫ਼ਤਰ ਸਮੁੰਦਰੀ ਹਾਊਸ, ਅੰਮ੍ਰਿਤਸਰ ਵਿਖੇ ਸਥਾਪਿਤ ਕੀਤਾ ਗਿਆ ਹੈ।



ਸ. ਤਰਨਜੀਤ ਸਿੰਘ ਸੰਧੂ “ਵਿਕਸਿਤ ਅੰਮ੍ਰਿਤਸਰ” ਦੇ ਸੰਸਥਾਪਕ ਅਤੇ ਸੀਨੀਅਰ ਭਾਜਪਾ ਨੇਤਾ ਤੋਂ ਇਲਾਵਾ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਦੇ ਭਰੋਸੇਮੰਦ ਸਹਾਇਕ ਵੀ ਹਨ ਨੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਕਿਹਾ ਕਿ ਸੰਸਥਾ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ, ਜੋ ਕਿ ਜਾਤ ਅਤੇ ਧਰਮ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ ਵਿੱਚ ਲੱਗੀ ਹੋਈ ਹੈ ਅਤੇ ਚਿਨਮਯਾ ਮਿਸ਼ਨ, ਅੰਮ੍ਰਿਤਸਰ, ਜੋ ਕਿ ਧਰਮ ਗ੍ਰੰਥਾਂ ਦੇ ਸ਼ੁੱਧ ਗਿਆਨ ਦੇ ਪ੍ਰਸਾਰ ਵਿੱਚ ਯੋਗਦਾਨ ਪਾਉਣ ਵਾਲੀ ਇੱਕ ਅਧਿਆਤਮਿਕ ਸੰਸਥਾ ਹੈ, ਦਾ ਸਮਰਥਨ ਅਤੇ ਮਾਲੀ ਯੋਗਦਾਨ ਪਾ ਕੇ ਖ਼ੁੱਸ ਹੈ, ਇਸ ਤੋਂ ਇਲਾਵਾ ਰੋਟਰੀ ਇੰਟਰਨੈਸ਼ਨਲ ਕਲੱਬ ਵੱਲੋਂ ਅਜਨਾਲਾ ਦੇ ਨੇੜੇ ਬਣਾਏ ਜਾ ਰਹੇ ਰੋਟਰੀ ਇੰਟਰਨੈਸ਼ਨਲ ਹਸਪਤਾਲ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।

ਸ. ਸੰਧੂ ਨੇ ਅੱਗੇ ਕਿਹਾ ਕਿ ’ਵਿਕਸਿਤ ਅੰਮ੍ਰਿਤਸਰ’ ਨੇ ਅੰਮ੍ਰਿਤਸਰ ਨੂੰ ਇੱਕ ਗਲੋਬਲ ਵਿੱਦਿਅਕ ਅਤੇ ਉਦਯੋਗਿਕ ਹੱਬ ਬਣਾਉਣ ਵੱਲ ਵੀ ਮਹੱਤਵਪੂਰਨ ਕਦਮ ਚੁੱਕੇ ਹਨ।

ਉਨ੍ਹਾਂ ਦੱਸਿਆ ਕਿ ’ਵਿਕਸਤ ਅੰਮ੍ਰਿਤਸਰ’ ਨੇ ਪਹਿਲੇ ਪੜਾਅ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਮੈਰੀਲੈਂਡ ਸਟੇਟ ਯੂਨੀਵਰਸਿਟੀ ਵਿਚਕਾਰ ਸਹਿਯੋਗ ਸਥਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਜੀਐਨਡੀਯੂ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਪਹਿਲਾਂ ਹੀ ਮੈਰੀਲੈਂਡ ਯੂਨੀਵਰਸਿਟੀ ਦਾ ਦੌਰਾ ਕਰ ਚੁੱਕੇ ਹਨ ਅਤੇ ਜਲਦੀ ਹੀ ਮੈਰੀਲੈਂਡ ਸਟੇਟ ਦੇ ਗਵਰਨਰ ਜੀਐਨਡੀਯੂ ਨਾਲ MOU ’ਤੇ ਦਸਤਖਤ ਕਰਨ ਅਤੇ ਕੰਪਿਊਟਰ ਸਾਇੰਸ ਦੇ ਖੇਤਰ ਵਿੱਚ ਆਧੁਨਿਕ ਪਹੁੰਚ ਅਪਣਾਉਣ ਲਈ ਇੱਕ ਵਫ਼ਦ ਨਾਲ ਅੰਮ੍ਰਿਤਸਰ ਦਾ ਦੌਰਾ ਕਰਨਗੇ। ਉਨ੍ਹਾਂ ਦੱਸਿਆ ਕਿ ਵਿਕਸਤ ਅੰਮ੍ਰਿਤਸਰ ਮੈਰੀਲੈਂਡ ਯੂਨੀਵਰਸਿਟੀ ਵਿੱਚ ਪੜ੍ਹ ਰਹੇ ਅੰਮ੍ਰਿਤਸਰ ਦੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਪ੍ਰਦਾਨ ਕਰੇਗਾ।

ਇਸ ਤੋਂ ਇਲਾਵਾ, ਉਨ੍ਹਾਂ ਦੱਸਿਆ ਕਿ ਦਿੱਲੀ ਸਥਿਤ ਇੰਸਟੀਚਿਊਟ ਆਫ਼ ਪਲੈਨਿੰਗ ਐਂਡ ਆਰਕੀਟੈਕਚਰ ਦੇ ਡਾਇਰੈਕਟਰ ਡਾ. ਵਰਿੰਦਰ ਕੁਮਾਰ ਪਾਲ ਵੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਇੱਕ MOU ’ਤੇ ਦਸਤਖਤ ਕਰਨ ਲਈ ਆ ਰਹੇ ਹਨ, ਜੋ ਅੰਮ੍ਰਿਤਸਰ ਦੇ ਯੋਜਨਾਬੱਧ ਵਿਕਾਸ ਅਤੇ ਸੁੰਦਰੀਕਰਨ ’ਤੇ ਖੋਜ ਕਰਨਗੇ। ਇਨ੍ਹਾਂ ਸਾਰੇ ਯਤਨਾਂ ਰਾਹੀਂ, ਅੰਮ੍ਰਿਤਸਰ ਨੂੰ ਕਾਰੋਬਾਰ, ਉਦਯੋਗ ਅਤੇ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਲਈ ਇੱਕ ਯੋਜਨਾ ਤਿਆਰ ਕੀਤੀ ਜਾਵੇਗੀ।

ਸ. ਸੰਧੂ ਨੇ ਸਪੱਸ਼ਟ ਕੀਤਾ ਕਿ ਇਹ ਸਾਰੀਆਂ ਪਹਿਲਕਦਮੀਆਂ ਨਿੱਜੀ ਅਤੇ ਸਵੈ-ਇੱਛਿਤ ਹਨ। ਉਨ੍ਹਾਂ ਅਪੀਲ ਕੀਤੀ ਕਿ “ਜੇ ਅਸੀਂ ਅੰਮ੍ਰਿਤਸਰ ਦੇ ਲੋਕ ਧਰਮ, ਜਾਤ ਅਤੇ ਪਾਰਟੀ ਦੀਆਂ ਹੱਦਾਂ ਤੋਂ ਉੱਪਰ ਉੱਠ ਕੇ ਇੱਕਜੁੱਟ ਹੋਈਏ, ਤਾਂ ਅਸੀਂ ਆਪਣੇ ਸ਼ਹਿਰ ਦੀ ਕਿਸਮਤ ਬਦਲ ਸਕਦੇ ਹਾਂ। ਅੰਮ੍ਰਿਤਸਰ ਇੱਕ ਨਵੀਂ ਚਮਕ ਅਤੇ ਇੱਕ ਨਵੀਂ ਪਛਾਣ ਨਾਲ ਉੱਭਰ ਸਕਦਾ ਹੈ।”

ਉਨ੍ਹਾਂ ਦੁਹਰਾਇਆ ਕਿ “ਵਿਕਸਤ ਅੰਮ੍ਰਿਤਸਰ” ਸਿਰਫ਼ ਇੱਕ ਪਹਿਲਕਦਮੀ ਨਹੀਂ ਹੈ, ਸਗੋਂ ਇੱਕ ਵਜ਼ਨ , ਸਮਰਪਣ ਅਤੇ ਜ਼ਿੰਮੇਵਾਰੀ ਦੀ ਲਹਿਰ ਹੈ, ਜੋ ਅੰਮ੍ਰਿਤਸਰ ਨੂੰ ਉਨ੍ਹਾਂ ਉਚਾਈਆਂ ’ਤੇ ਲਿਜਾਣ ਲਈ ਵਚਨਬੱਧ ਹੈ ਜਿਨ੍ਹਾਂ ਦਾ ਇਹ ਇਤਿਹਾਸਕ ਸ਼ਹਿਰ ਹੱਕਦਾਰ ਹੈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਭੋਜੋਵਾਲੀ ਨੂੰ 32 ਲੱਖ ਰੁਪਏ ਦਾ ਚੈੱਕ ਭੇਟ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਦੇ ਪਿੰਡਾਂ ਨੂੰ ਕਰੋੜਾਂ ਰੁਪਏ ਦੇ ਚੈੱਕ ਦੇ ਕੇ ਨਿਵਾਜਿਆ ਗਿਆ। ਇਸੇ ਹੀ ਤਹਿਤ ਪਿੰਡ ਭੋਜੋਵਾਲੀ 32 ਲੱਖ ਰੁਪਏ ਦੇ ਚੈੱਕ ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਨੂੰ ਚੈੱਕ ਭੇਟ ਕੀਤਾ ਗਿਆ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜੱਗਾ ਭੋਜੋਵਾਲੀ ਅਤੇ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਟ ਸੰਗਰੂਰ ਨੇ ਕਿਹਾ ਕਿ ਅਸੀਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਸਾਡੇ ਪਿੰਡ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ ਹਨ ਜੋ ਪੰਜਾਬ ਦੇ ਲੋਕਾਂ ਨੂੰ ਉਹਨਾਂ ਦੇ ਘਰਾਂ, ਹਲਕਿਆਂ, ਸੱਥਾਂ ਵਿੱਚ ਜਾ ਕੇ ਗਰਾਂਟਾਂ ਦੇ ਗੱਫੇ ਦੇ ਰਹੇ ਹਨ ਅਤੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਵਿੱਚ ਲੱਗੇ ਹੋਏ ਹਨ।

# ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਵੱਖਰੇ ਤੌਰ ’ਤੇ ਸ਼ਤਾਬਦੀ ਸਮਾਗਮ ਕਰਨ ਦੇ ਐਲਾਨ ’ਤੇ ਕੀਤਾ ਇਤਰਾਜ਼

**ਅੰਮ੍ਰਿਤਸਰ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਦੁਆਰਾ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਵੱਖਰੇ ਤੌਰ ’ਤੇ ਸਰਕਾਰੀ ਪੱਧਰ ’ਤੇ ਸਮਾਗਮ ਕਰਵਾਏ ਜਾਣ ਦੇ ਐਲਾਨ ’ਤੇ ਸਖਤ ਇਤਰਾਜ਼ ਪ੍ਰਗਟ ਕੀਤਾ ਹੈ।



ਪੰਜਾਬ ਸਰਕਾਰ ਦੇ ਮੰਤਰੀਆਂ ਵਲੋਂ ਸ਼ਤਾਬਦੀ ਸਮਾਗਮ ਕੌਮੀ ਸੰਸਥਾ ਤੋਂ ਵੱਖਰੇ ਮਨਾਉਣ ਦੇ ਬਿਆਨ ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀ ਸਿਰਮੌਰ ਧਾਰਮਿਕ ਸੰਸਥਾ ਹੁੰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਕ ਸ਼ਤਾਬਦੀਆਂ ਦੇ ਸਮਾਗਮ ਆਯੋਜਤ ਕਰਨ ਦੀ ਹੱਕਦਾਰ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਦਾ ਮੁੱਖ ਕੰਮ ਸੰਗਤਾਂ ਦੀ ਸਹੂਲਤ ਲਈ ਪ੍ਰਬੰਧ ਕਰਨਾ ਹੈ, ਨਾ ਕਿ ਧਾਰਮਿਕ ਮਾਮਲਿਆਂ ਵਿੱਚ ਦਖ਼ਲਅੰਦਾਜ਼ੀ ਕਰਨੀ। ਧਾਰਮਿਕ ਪੱਖੋਂ ਅਜਿਹੇ ਸਮਾਗਮ ਸਿਰਫ਼ ਉਹੀ ਸੰਸਥਾਵਾਂ ਕਰ ਸਕਦੀਆਂ ਹਨ ਜੋ ਸਿੱਖ ਮਰਯਾਦਾ ਅਤੇ ਇਤਿਹਾਸਕ ਸੰਵੇਦਨਸ਼ੀਲਤਾ ਨੂੰ ਗਹਿਰਾਈ ਨਾਲ ਸਮਝਦੀਆਂ ਹਨ।

ਉਨ੍ਹਾਂ ਕਿਹਾ ਕਿ ਬੀਤੇ ਵਿਚ ਸਿੱਖ ਇਤਿਹਾਸ ਦੇ ਮਹੱਤਵਪੂਰਣ ਮੌਕਿਆਂ ‘ਤੇ ਸਮਾਗਮ ਹਮੇਸ਼ਾਂ ਸ਼੍ਰੋਮਣੀ ਕਮੇਟੀ ਦੀ ਅਗਵਾਈ ਵਿੱਚ ਹੀ ਹੋਏ ਹਨ, ਜਦਕਿ ਸਰਕਾਰਾਂ ਨੇ ਸਿਰਫ਼ ਪ੍ਰਬੰਧਕੀ ਸਹਿਯੋਗ ਦਿੱਤਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਦੀ ਤਤਕਾਲੀ ਅਕਾਲੀ ਸਰਕਾਰ ਨੇ ਹਰ ਸ਼ਤਾਬਦੀ ਮੌਕੇ ਪ੍ਰਬੰਧਕੀ ਸਹਿਯੋਗ ਦੇ ਕੇ ਸਰਕਾਰਾਂ ਲਈ ਮਿਸਾਲ ਕਾਇਮ ਕੀਤੀ ਹੈ। ਇਸੇ ਤਰ੍ਹਾਂ ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ ਮਨਾਇਆ ਗਿਆ, ਤਾਂ ਬਿਹਾਰ ਸਰਕਾਰ ਨੇ ਸਮੂਹ ਪ੍ਰਬੰਧਾਂ ਵਿੱਚ ਪੂਰਾ ਸਹਿਯੋਗ ਦਿੱਤਾ। ਇੰਝ ਲੰਘੀਆਂ ਸ਼ਤਾਬਦੀਆਂ ਮੌਕੇ ਸਰਕਾਰਾਂ ਨੇ ਸੰਗਤ ਦੇ ਰਹਿਣ ਲਈ ਲੋੜੀਂਦਾ ਢਾਂਚਾ ਤਿਆਰ ਕੀਤਾ, ਪਰ ਸਮਾਗਮਾਂ ਦੀ ਧਾਰਮਿਕ ਜ਼ੁੰਮੇਵਾਰੀ ਧਾਰਮਿਕ ਸੰਸਥਾਵਾਂ ਨੇ ਹੀ ਨਿਭਾਈ ।

ਉਨ੍ਹਾਂ ਕਿਹਾ ਕਿ ਜੇਕਰ ਮੌਜੂਦਾ ਪੰਜਾਬ ਸਰਕਾਰ ਸ੍ਰੀ ਅਨੰਦਪੁਰ ਸਾਹਿਬ ਨੂੰ ਵਾਈਟ ਸਿਟੀ ਵਿੱਚ ਤਬਦੀਲ ਕਰਨ ਦੀ ਯੋਜਨਾ ਬਣਾਉਂਦੀ ਹੈ ਜਾਂ ਸੰਗਤ ਦੀ ਸਹੂਲਤ ਲਈ ਟੈਂਟ ਸਿਟੀ ਦਾ ਪ੍ਰਬੰਧ ਕਰਦੀ ਹੈ ਜਾਂ ਹੋਰ ਬੁਨਿਆਦੀ ਪ੍ਰਬੰਧ ਕਰਦੀ ਹੈ, ਤਾਂ ਸ਼੍ਰੋਮਣੀ ਕਮੇਟੀ ਇਸਦਾ ਸਵਾਗਤ ਕਰੇਗੀ। ਪਰੰਤੂ ਸਿੱਖ ਧਾਰਮਿਕ ਸੰਸਥਾ ਦੇ ਮੁਕਾਬਲੇ ਵਿੱਚ ਵੱਖਰੇ ਤੌਰ ’ਤੇ ਸਮਾਗਮ ਕਰਨਾ ਕਿਸੇ ਵੀ ਤਰ੍ਹਾਂ ਕਬੂਲ ਨਹੀਂ ਕੀਤਾ ਜਾ ਸਕਦਾ। ਸਰਕਾਰ ਵੱਲੋਂ ਅਜਿਹਾ ਕਰਨਾ ਸ਼ਤਾਬਦੀਆਂ ਦੇ ਇਤਿਹਾਸਿਕ ਸਮੇਂ ‘ਤੇ ਟਕਰਾਅ ਪੈਦਾ ਕਰਨ ਦੀ ਕੋਸ਼ਿਸ਼ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਪਸ਼ਟ ਕੀਤਾ ਕਿ ਸ਼੍ਰੋਮਣੀ ਕਮੇਟੀ ਸਭ ਨੂੰ ਨਾਲ ਲੈ ਕੇ ਸ਼ਤਾਬਦੀ ਸਮਾਗਮ ਕਰੇਗੀ। ਇਸ ਸਬੰਧੀ ਪਹਿਲਾਂ ਹੀ ਐਲਾਨ ਕੀਤਾ ਜਾ ਚੁੱਕਾ ਹੈ ਕਿ ਸ਼ਤਾਬਦੀ ਸਮਾਗਮਾਂ ਦੌਰਾਨ ਕੇਂਦਰ ਅਤੇ ਸੂਬਾ ਸਰਕਾਰਾਂ ਦੇ ਵੱਡੇ ਪ੍ਰਤੀਨਿਧਾਂ ਨੂੰ ਸੱਦਾ ਦਿਤਾ ਜਾਵੇਗਾ। ਇਸ ਲਈ ਪੰਜਾਬ ਸਰਕਾਰ ਸਹਿਯੋਗੀ ਭੂਮਿਕਾ ਨਿਭਾਏ, ਨਾ ਕਿ ਵੱਖਰੇ ਤੌਰ ’ਤੇ ਸਮਾਗਮ ਕਰਨ ਲਈ ਪੰਥ ਵਿਚ ਬੇਲੋੜੀ ਚਰਚਾ ਪੈਦਾ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ

# ਲਖਬੀਰ ਸਿੰਘ ਮਹਾਲਮ ਦੁਬਾਰਾ ਭੁੱਖ ਹੜਤਾਲ 'ਤੇ ਬੈਠੇ



**ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :—** ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਸੇਵਾਦਾਰ ਲਖਬੀਰ ਸਿੰਘ ਮਹਾਲਮ ਨੇ ਇਕ ਵਾਰ ਫਿਰ ਭੁੱਖ ਹੜਤਾਲ ਤੇ ਬੈਠਣ ਦਾ ਕੀਤਾ ਐਲਾਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਬੀਰ ਸਿੰਘ ਮਹਾਲਮ ਨੇ ਦੱਸਿਆ ਕਿ ਉਸ ਨੇ ਸਾਲ 2024 ਵਿਚ ਡਿਪਟੀ ਕਮਿਸ਼ਨਰ ਦਫਤਰ ਮੂਹਰੇ ਭੁੱਖ ਹੜਤਾਲ ਸ਼ੁਰੂ ਕੀਤੀ ਸੀ, ਜਿਸ ਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸਵਾਸ਼ ਦਿਵਾਇਆ ਸੀ ਕਿ ਇਕ ਹਫਤੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਬੇਅਦਬੀਆਂ ਦੇ ਪਰਚਿਆਂ ਦੇ ਚਲਾਨ ਟੂ ਕੋਰਟ ਕਰ ਦਿੱਤੇ ਜਾਣਗੇ ਅਤੇ ਉਨ੍ਹਾਂ ਨੇ ਇਹ ਵੀ ਵਿਸਵਾਸ਼ ਦਿੱਤਾ ਸੀ ਕਿ ਲਖਬੀਰ ਸਿੰਘ ਉਪਰ ਦਰਜ ਪਰਚੇ ਕੈਂਸਲ ਕਰ ਦਿੱਤੇ ਜਾਣਗੇ। ਉਨ੍ਹਾਂ ਦੱਸਿਆ ਕਿ ਉਸ ਨੂੰ ਫੋਨ ਤੇ ਧਮਕੀ ਦਿੱਤੀ ਸੀ, ਉਪਰ ਪਰਚਾ ਦਰਜ ਕਰਨ ਦਾ ਵਿਸਵਾਸ਼ ਜ਼ਿਲ੍ਹਾ ਪ੍ਰਸ਼ਾਸਨ ਨੇ ਦਿਵਾਇਆ ਸੀ ਅਤੇ ਜਿਸ ਆਦਮੀ ਸੁਖਪ੍ਰੀਤ (ਟੋਨੀ) ਨੇ ਇਕ ਵੀਡੀਓ ਪਾਈ ਸੀ ਮੈਂ ਸੂਸੈਡ ਕਰਨ ਲੱਗਾ ਹਾਂ ਤੇ ਉਸ ਆਦਮੀ ਨੂੰ ਫੜ੍ਹ ਕੇ ਥਾਣਾ ਆਰਿਫਕੇ ਦਿੱਤਾ ਸੀ, ਉਸ ਨੂੰ ਛੱਡ ਦਿੱਤਾ ਤੇ ਕੋਈ ਕਾਰਵਾਈ ਨਹੀਂ ਹੋਈ। ਗੱਲਬਾਤ ਕਰਦਿਆਂ ਲਖਬੀਰ ਸਿੰਘ ਨੇ ਕਿਹਾ ਕਿ 26 ਨਵੰਬਰ 24 ਨੂੰ ਜ਼ਿਲ੍ਹਾ ਪ੍ਰਸ਼ਾਸਨ ਨੇ ਵਿਸਵਾਸ਼ ਦਿਵਾਇਆ ਸੀ ਕਿ ਇਕ ਹਫਤੇ ਵਿਚ ਸਾਰੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ, ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ ਅਤੇ ਨਾ ਹੀ ਚਲਾਨ ਟੂ ਕੋਰਟ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਉਹ ਅੱਜ ਤੋਂ ਡੀ.ਸੀ ਦਫਤਰ ਵਿਖੇ ਦੁਬਾਰਾ ਭੁੱਖ ਹੜਤਾਲ ਤੇ ਬੈਠ ਰਹੇ ਹਨ ਅਤੇ ਜੇਕਰ ਉਨ੍ਹਾਂ ਦੇ ਸਰੀਰ ਨੂੰ ਕੁਝ ਵੀ ਘਟਨਾ ਵਾਪਰਦੀ ਹੈ ਤਾਂ ਉਸ ਦੀ ਜਿੰਮੇਵਾਰੀ ਸਿਵਲ ਪ੍ਰਸ਼ਾਸਨ ਅਤੇ ਮੁਲਜ਼ਮਾਂ ਦੀ ਹੋਵੇਗੀ। ਇਸ ਮੌਕੇ ਲਖਬੀਰ ਸਿੰਘ ਦੇ ਨਾਲ ਜ਼ਸਪਾਲ ਸਿੰਘ ਕੌਮੀ ਪ੍ਰਧਾਨ, ਹਰਪਾਲ ਸਿੰਘ ਮਖੂ, ਸੁਖਦੇਵ ਸਿੰਘ ਮਹੀਆਂ ਵਾਲਾ ਗ੍ਰਾਮ ਪੰਚਾਇਤ ਮਾਣੇਵਾਲਾ, ਬਖਸੀਸ਼ ਸਿੰਘ, ਗੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ ਸਰਪੰਚ, ਸੁੱਖਾ ਸਿੰਘ ਸਾਬਕਾ ਸਰਪੰਚ, ਜਗਤਾਰ ਸਿੰਘ ਪੁੱਤਰ ਪਾਲਾ ਸਿੰਘ ਮੈਂਬਰ, ਅਮਰਜੀਤ ਸਿੰਘ ਸਾਬਕਾ ਮੈਂਬਰ, ਤਾਰਾ ਸਿੰਘ ਸਾਬਕਾ ਮੈਂਬਰ, ਸਤਨਾਮ ਸਿੰਘ ਸਾਬਕਾ ਮੈਂਬਰ, ਛਿੰਦਰ ਸਿੰਘ ਮੈਂਬਰ, ਗੁਰਜੰਟ ਸਿੰਘ ਅਤੇ ਬਲਵੀਰ ਸਿੰਘ ਪ੍ਰਧਾਨ ਹਾਜ਼ਰ ਸਨ।

### ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ ਦੇ ਬੈਨਰ ਹੇਠ ਇਕਜੁੱਟ ਹੋਣ ਜ਼ੋਰ ਦੇ ਕੇ ਕਿਹਾ ਕਿ ਮਾਲੇਰਕੋਟਲਾ ਬੇਅਦਬੀ ਮਾਮਲੇ ਵਿਚ ਭੂਮਿਕਾ ਲਈ

# ਅਰਵਿੰਦ ਕੇਜਰੀਵਾਲ ਦੇ ਖਿਲਾਫ ਕੇਸ ਦਰਜ ਕੀਤਾ ਜਾਵੇ



**ਫ਼ਿਰੋਜ਼ਪੁਰ, 21 ਜੁਲਾਈ (ਮਨੋਹਰ ਲਾਲ) :—** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਟਕਸਾਲੀ ਅਕਾਲੀ ਹਰਚਰਨ ਸਿੰਘ ਹੀਰੋ ਜੋ ਬਾਅਦ ਵਿਚ ਪੰਜਾਬ ਕਾਂਗਰਸ ਦੇ ਕਾਰਜਕਾਰੀ ਪ੍ਰਧਾਨ ਰਹੇ ਦੇ ਸਪੁੱਤਰ ਹਰਪ੍ਰੀਤ ਸਿੰਘ ਹੀਰੋ ਨੂੰ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਲ ਕੀਤਾ ਅਤੇ ਉਨ੍ਹਾਂ ਨੂੰ ਇਸ ਹਲਕੇ ਦਾ ਹਲਕਾ ਇੰਚਾਰਜ ਨਿਯੁਕਤ ਕਰ ਦਿੱਤਾ, ਉਪਰੰਤ ਸੁਖਬੀਰ ਸਿੰਘ ਬਾਦਲ ਨੇ ਮਖੂ ਵਿਖੇ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ।

ਮੱਖੂ ਵਿਖੇ ਸਿਆਸੀ ਕਾਨਫਰੰਸ ਵਿਚ ਹੀਰੋ ਪਰਿਵਾਰ ਦੇ ਹਜ਼ਾਰਾਂ ਸਮਰਥਕਾਂ ਦੇ ਨਾਲ—ਨਾਲ ਅਕਾਲੀ ਵਰਕਰ ਵੀ ਵੱਡੀ ਗਿਣਤੀ ਵਿਚ ਸ਼ਾਮਲ ਸਨ, ਜਿਹਨਾਂ ਨੇ ਪਾਰਟੀ ਵਿਚ ਪੂਰਨ ਵਿਸ਼ਵਾਸ ਪ੍ਰਗਟਾਇਆ। ਪਾਰਟੀ ਪ੍ਰਧਾਨ ਨੇ ਕਿਹਾ ਕਿ ਹਰਪ੍ਰੀਤ ਸਿੰਘ ਹੀਰੋ ਜੋ ਕਿ ਇਕ ਪ੍ਰਮੁੱਖ ਕਿਸਾਨ ਆਗੂ ਤੇ ਸਮਾਜ ਸੇਵੀ ਹਨ, ਖਿੱਤੇ ਵਿਚ ਪਾਰਟੀ ਲਈ ਗਹਿਣਾ ਸਾਬਤ ਹੋਣਗੇ ਤੇ ਉਨ੍ਹਾਂ ਨੇ ਹੀਰੋ ਪਰਿਵਾਰ ਦੀ ਵਾਪਸੀ ਨੂੰ ਅਕਾਲੀ ਦਲ ਵਿਚ ਘਰ ਵਾਪਸੀ ਕਰਾਰ ਦਿੱਤਾ। ਗੱਲਬਾਤ ਜਾਰੀ ਰੱਖਦਿਆਂ ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਅਕਾਲੀ ਦਲ ਦੇ ਬੈਨਰ ਹੇਠ ਇਕਜੁੱਟ ਹੋਣ ਅਤੇ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਵੱਲੋਂ ਸਾਡੇ ਖਿਲਾਫ ਸ਼ੁਰੂ ਕੀਤੀ ਝੂਠੀ ਪ੍ਰਚਾਰ ਮੁਹਿੰਮ ਕਾਰਨ ਸਾਡੀ ਪਾਰਟੀ ਦਾ ਨੁਕਸਾਨ ਹੋਇਆ। ਉਨ੍ਹਾਂ ਕਿਹਾ ਕਿ ਸੱਚ ਹੁਣ ਸਾਹਮਣੇ ਆ ਰਿਹਾ ਹੈ ਅਤੇ ਕਾਂਗਰਸ ਦੇ ਸੀਨੀਅਰ ਆਗੂ ਪਰਗਟ ਸਿੰਘ ਤੇ ਸੁਖਜਿੰਦਰ ਸਿੰਘ ਰੰਧਾਵਾ ਨੇ ਖੁਦ ਮੰਨਿਆ ਹੈ ਕਿ ਉਨ੍ਹਾਂ ਨੇ ਬੇਅਦਬੀ ਦੇ ਮਾਮਲੇ 'ਤੇ ਰਾਜਨੀਤੀ ਕੀਤੀ ਅਤੇ ਕਾਂਗਰਸ ਪਾਰਟੀ ਦਾ ਇਸ ਘਨੌਦੇ ਅਪਰਾਧ ਦੇ ਦੋਸ਼ੀਆਂ ਨੂੰ ਸਜ਼ਾ ਦੇਣ ਦਾ ਕੋਈ ਇਰਾਦਾ ਨਹੀਂ ਸੀ ਤੇ ਸਾਡਾ ਸਾਰਾ ਜ਼ੋਰ ਅਕਾਲੀ ਦਲ ਦੀ ਬਦਨਾਮੀ ਕਰਨ 'ਤੇ ਲੱਗਾ ਸੀ। ਉਨ੍ਹਾਂ ਕਿਹਾ ਕਿ ਇਸੇ ਤਰੀਕੇ ਮਾਲੇਰਕੋਟਲਾ ਬੇਅਦਬੀ ਮਾਮਲੇ ਵਿਚ ਆਪ ਵਿਧਾਇਕ ਨਰੇਸ਼ ਯਾਦਵ ਨੂੰ ਦੋਸ਼ੀ ਠਹਿਰਾਏ ਜਾਣ ਨੇ ਸਾਬਤ ਕਰ ਦਿੱਤਾ ਕਿ ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪਵਿੱਤਰ ਕੁਰਾਨ ਸ਼ਰੀਫ ਦੀ ਬੇਅਦਬੀ ਵਿਚ ਭੂਮਿਕਾ ਸੀ। ਉਨ੍ਹਾਂ ਕਿਹਾ ਕਿ ਇਹ ਗੱਲ ਇਥੋਂ ਵੀ ਸਾਬਤ ਹੁੰਦੀ ਹੈ ਕਿਉਂਕਿ ਦੋ ਕੈਬਨਿਟ ਮੰਤਰੀਆਂ ਹਰਪਾਲ ਚੀਮਾ ਤੇ ਹਰਜੋਤ ਬੈਂਸ ਦੀ ਜ਼ਿੰਮੇਵਾਰੀ ਨਰੇਸ਼ ਯਾਦਵ ਦੇ ਬਚਾਅ ਵਾਸਤੇ ਲਗਾਈ ਗਈ ਜਿਸਨੂੰ ਦਿੱਲੀ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਨੇ ਮੁੜ ਤੋਂ ਮਹਿਰੌਲੀ ਤੋਂ ਉਮੀਦਵਾਰ ਬਣਾ ਦਿੱਤਾ। ਉਨ੍ਹਾਂ ਕਿਹਾ ਕਿ ਕੇਸ ਵਿਚ ਕੇਜਰੀਵਾਲ ਦੇ ਖਿਲਾਫ ਕਾਨੂੰਨ ਮੁਤਾਬਕ ਕਾਰਵਾਈ ਹੋਣੀ ਚਾਹੀਦੀ ਹੈ।

ਇਸ ਮੌਕੇ ਬੋਲਦਿਆਂ ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਕੇਜਰੀਵਾਲ ਹੁਣ ਪੰਜਾਬ ਨੂੰ ਲੁੱਟਣ 'ਤੇ ਲੱਗਾ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਨੇ ਦਿੱਲੀ ਦੇ ਡੀਲਰਾਂ ਨਾਲ ਸੌਦਾ ਕੀਤਾ ਹੈ ਕਿ ਉਹ ਪੰਜਾਬ ਦੀ 40 ਹਜ਼ਾਰ ਏਕੜ ਉਪਜਾਊ ਜ਼ਮੀਨ ਐਕਵਾਇਰ ਕਰ ਕੇ ਉਨ੍ਹਾਂ ਨੂੰ ਦੇਵੇਗਾ। ਉਨ੍ਹਾਂ ਕਿਹਾ ਕਿ ਅਜਿਹਾ ਸੂਬੇ ਦੇ ਕਿਸਾਨਾਂ ਦੀ ਕੀਮਤ 'ਤੇ ਪੈਸੇ ਇਕੱਠੇ ਕਰਨ ਵਾਸਤੇ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਵਾਸਤੇ ਵਚਨਬੱਧ ਹੈ ਅਤੇ ਇਕ ਇੰਚ ਜ਼ਮੀਨ ਵੀ ਐਕਵਾਇਰ ਨਹੀਂ ਕਰਨ ਦੇਵੇਗਾ। ਪਿਛਲੀ ਅਕਾਲੀ ਦਲ ਦੀ ਸਰਕਾਰ ਅਪਣਾਈਆਂ ਗਈਆਂ ਵਿਕਾਸ ਮੁਖੀ ਨੀਤੀਆਂ ਦੀ ਗੱਲ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੈਂ ਹਮੇਸ਼ਾ ਕੀਤੇ ਸਾਰੇ ਵਾਅਦੇ ਨਿਭਾਏ ਹਨ। ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬ ਨੂੰ ਬਿਜਲੀ ਸਰਪਲੱਸ ਬਣਾਉਣ ਦਾ ਵਾਅਦਾ ਹੋਵੇ, ਸੂਬੇ ਦੇ ਸਾਰੇ ਪ੍ਰਮੁੱਖ ਸ਼ਹਿਰਾਂ ਨੂੰ ਚੰਡੀਗੜ੍ਹ ਨਾਲ ਜੋੜਨ ਵਾਲੀਆਂ ਸੜਕਾਂ ਨੂੰ ਚਹੁੰ ਮਾਰਗੀ ਬਣਾਉਣ ਦੀ ਗੱਲ ਹੋਵੇ, ਹਵਾਈ ਅੱਡੇ ਬਣਾਉਣ ਦੀ ਗੱਲ ਹੋਵੇ, ਦਿਹਾਤੀ ਖੇਤਰਾਂ ਵਿਚ ਵੱਡੇ ਵਿਕਾਸ ਪ੍ਰਾਜੈਕਟਾਂ ਦੀ ਗੱਲ ਹੋਵੇ, ਸਾਰੇ ਤੁਹਾਡੇ ਸਾਹਮਣੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਨੇ ਬੁਢਾਪਾ ਪੈਨਸ਼ਨ, ਸ਼ਗਨ ਸਕੀਮ ਤੇ ਆਟਾ ਦਾਲ ਸਕੀਮ ਸਮੇਤ ਸਮਾਜ ਭਲਾਈ ਸਕੀਮਾਂ ਸ਼ੁਰੂ ਕੀਤੀਆਂ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਪੱਧਰ 'ਤੇ ਵਿਕਾਸ ਕਾਰਨ ਕਾਂਗਰਸ ਤੇ ਆਪ ਦੋਵੇਂ ਘਬਰਾ ਗਈਆਂ ਤੇ ਦੋਵੇਂ ਨੇ ਬੇਅਦਬੀ ਦੇ ਮਾਮਲੇ ਸਮੇਤ ਅਕਾਲੀ ਦਲ ਦੀ ਬਦਨਾਮੀ ਕਰਨ ਦੀ ਮੁਹਿੰਮ ਆਰੰਭ ਦਿੱਤੀ ਜਦੋਂ ਕਿ ਅਕਾਲੀ ਦਲ ਨੇ ਹਮੇਸ਼ਾ ਪੰਥ ਤੇ ਪੰਜਾਬ ਦੀ ਰਾਖੀ ਕੀਤੀ। ਉਨ੍ਹਾਂ ਕਿਹਾ ਕਿ 2015 ਦੀ ਬੇਅਦਬੀ ਦੇ ਮਾਮਲੇ ਵਿਚ ਕਾਂਗਰਸ ਪਾਰਟੀ ਨੇ ਮੰਗ ਕੀਤੀ ਸੀ ਕਿ ਕੇਸ ਸੀ.ਬੀ.ਆਈ ਨੂੰ ਸੌਂਪਿਆ ਜਾਵੇ ਜੋ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਨਿਆਂ ਦੇ ਹਿੱਤ ਵਿਚ ਤੁਰੰਤ ਪ੍ਰਵਾਨ ਕਰ ਲਈ। ਉਨ੍ਹਾਂ ਕਿਹਾ ਕਿ ਕਾਂਗਰਸ ਤੇ ਆਪ ਸਰਕਾਰਾਂ ਦੋਵੇਂ 2015 ਦੇ ਬੇਅਦਬੀ ਕੇਸਾਂ ਵਿਚ ਕੋਈ ਵੀ ਕਾਰਵਾਈ ਕਰਨ ਵਿਚ ਨਾਕਾਮ ਰਹੀਆਂ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਵੇਲੇ ਸਿਰਫ ਦੋ ਹੀ ਕੇਸ ਰਹਿ ਗਏ ਸਨ ਜਿਹਨਾਂ ਵਿਚ ਮੋਗਾ ਤੇ ਮਾਲੇਰਕੋਟਲਾ ਦੇ ਕੇਸ ਸ਼ਾਮਲ ਸਨ ਤੇ ਅਸੀਂ ਦੋਵਾਂ ਵਿਚ ਦੋਸ਼ੀਆਂ ਨੂੰ ਸਜ਼ਾਵਾਂ ਦੁਆਈਆਂ। ਇਸ ਮੌਕੇ ਸੰਬੋਧਨ ਕਰਦਿਆਂ ਸੀਨੀਅਰ ਆਗੂ ਸਾਬਕਾ ਕੈਬਨਿਟ ਮੰਤਰੀ ਜਨਮੇਜਾ ਸਿੰਘ ਸੇਖੋਂ ਨੇ ਅਕਾਲੀ ਦਲ ਦੇ ਪ੍ਰਧਾਨ ਨੂੰ ਵਿਕਾਸ ਦਾ ਮਸੀਹਾ ਕਰਾਰ ਦਿੱਤਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ 2007 ਤੋਂ 2017 ਤੱਕ ਅਕਾਲੀ ਦਲ ਦੀ ਸਰਕਾਰ ਵੇਲੇ ਹੋਏ ਵਿਆਪਕ ਵਿਕਾਸ ਅਤੇ ਕਾਂਗਰਸ ਤੇ ਆਪ ਸਰਕਾਰਾਂ ਦੇ ਹਰ ਮੁਹਾਜ਼ 'ਤੇ ਅਸਫਲ ਹੋਣ ਦੀ ਤੁਲਨਾ ਕਰ ਕੇ ਆਪ ਹੀ ਵੇਖਣ ਲੈਣ। ਇਸ ਮੌਕੇ ਸੀਨੀਅਰ ਆਗੂ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਮਨਤਾਰ ਸਿੰਘ ਬਰਾੜ, ਪਰਮਬੰਸ ਸਿੰਘ ਰੋਮਾਣਾ, ਸਤਪਾਲ ਸਿੰਘ ਤਲਵੰਡੀ, ਦਰਸ਼ਨ ਸਿੰਘ ਸ਼ੇਰਖਾਨ, ਪ੍ਰੀਤਮ ਸਿੰਘ ਮਲਸੀਆਂ, ਗੁਰਮੀਤ ਸਿੰਘ ਬੂਹ ਅਤੇ ਯੂਥ ਆਗੂ ਚਿਤਬੀਰ ਸਿੰਘ ਜ਼ੀਰਾ ਤੇ ਸੁਰਿੰਦਰ ਸਿੰਘ ਬੱਬੂ ਵੀ ਹਾਜ਼ਰ ਸਨ।

# ਉੱਘੇ ਕਾਰੋਬਾਰੀ ਨਾਮੀ ਸ਼ਾਹ ਨੇ ਮੰਤਰੀ ਲਾਲਜੀਤ ਭੁੱਲਰ ਨਾਲ ਕੀਤੀ ਮੁਲਾਕਾਤ ਝੋਨੇ ਦੀ ਅਗਾਊਂ ਖਰੀਦ ਨੂੰ ਲੈ ਕੇ ਕੀਤਾ ਵਿਚਾਰ-ਵਟਾਂਦਰਾ



**ਚੌਕ ਮਹਿਤਾ, 21 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਾਈਸ ਐਸੋਸੀਏਸ਼ਨ ਪੰਜਾਬ ਦੇ ਵਾਈਸ ਚੇਅਰਮੈਨ ਬਾਊ ਨਾਮਦੇਵ ਅਰੋੜਾ ਨਾਮੀ ਸ਼ਾਹ (ਕਪੂਰਥਲਾ) ਵੱਲੋਂ ਅੱਜ ਕੈਬਨਿਟ ਮੰਤਰੀ ਅਤੇਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਲਾਲਜੀਤ ਸਿੰਘ ਭੁੱਲਰ ਨਾਲ ਇਕ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਦੌਰਾਨ ਮੰਤਰੀ ਭੁੱਲਰ ਦੇ ਸਨਮਾਨ 'ਚ ਉਨ੍ਹਾਂ ਨੇ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ। ਇਸ ਸਮੇਂ ਸੀਨੀਅਰ 'ਆਪ' ਆਗੂ ਪ੍ਰਧਾਨ ਗੁਰਮੁਖ ਸਿੰਘ ਔਜਲਾ ਡੇਅਰੀਵਾਲ ਵੀ ਮੌਜੂਦ ਸਨ। ਇਸ ਮੁਲਾਕਾਤ ਦੌਰਾਨ ਬਾਊ ਨਾਮੀ ਸ਼ਾਹ ਨੇ ਅਗਾਊਂ ਝੋਨੇ ਦੀ ਖਰੀਦ ਨੂੰ ਲੈ ਕੇ ਅਹਿਮ ਵਿਚਾਰ-ਵਟਾਂਦਰਾ ਕੀਤਾ, ਜਿਸ ਨੂੰ ਗੰਭੀਰਤਾ ਨਾਲ ਲੈਂਦਿਆਂ ਮੰਤਰੀ ਭੁੱਲਰ ਆਖਿਆ ਕਿ ਝੋਨੇ ਦੇ ਸੀਜ਼ਨ ਵਿਚ ਜਿੱਥੇ ਕਿਸਾਨਾਂ ਨੂੰ ਆਪਣੀ ਫਸਲ ਵੇਚਣ 'ਚ ਕੋਈ ਮੁਸ਼ਿਕਲ ਨਹੀਂ ਆਉਣ ਦਿੱਤੀ ਜਾਵੇਗੀ, ਉਥੇ ਹੀ ਖਰੀਦ ਨੂੰ ਲੈ ਕੇ ਸ਼ੈਲਰ ਮਾਲਕਾਂ ਨੂੰ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਗੁਲਦਸਤਾ ਭੇਟ ਕਰਨ ਮੌਕੇ ਬਾਊ ਨਾਮੀ ਸ਼ਾਹ ਕਪੂਰਥਲਾ ਨਾਲ ਪ੍ਰਧਾਨ ਗੁਰਮੁਖ ਸਿੰਘ ਡੇਅਰੀਵਾਲ ਤੇ ਹੋਰ। ਵੀ ਕੋਈ ਪ੍ਰੇਸ਼ਾਨੀ ਨਾ ਆਵੇ, ਇਸ ਸਭ ਦੇ ਲਈ ਪੰਜਾਬ ਸਰਕਾਰ ਵੱਲੋਂ ਸਮਾਂ ਰਹਿੰਦਿਆਂ ਹਰ ਤਰ੍ਹਾਂ ਦੇ ਅਗਾਊਂ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ। ਇਸ ਮੌਕੇ ਬਲਜੀਤ ਸਿੰਘ ਸਰਾਂ ਜਨਰਲ ਸੈਕਟਰੀ ਐੱਸ. ਸੀ. ਸੈੱਲ (ਪੰਜਾਬ), ਅਨਮੋਲ ਸਿੰਘ, ਸਰਬਜੀਤ ਸਿੰਘ, ਜੋਬਨਜੀਤ ਸਿੰਘ, ਸੁਖਚੈਨ ਸਿੰਘ ਮੀਡੀਆ ਇੰਚਾਰਜ, ਸਰਪੰਚ ਗੁਰਦਿਆਲ ਸਿੰਘ, ਦਿਲਬਾਗ ਸਿੰਘ ਪੀ.ਏ. ਅਤੇ ਸੁਖਬੀਰ ਸਿੰਘ ਪੱਟੀ ਤੋਂ ਇਲਾਵਾ ਹੋਰ ਵੀ ਆਗੂ ਹਾਜ਼ਰ ਸਨ।

# ਸਿੱਖਿਆ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਵਾਗਤ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਵੱਲੋਂ ਸਰਕਾਰ ਬਣਨ ਤੋਂ ਬਾਅਦ ਸਿਹਤ ਅਤੇ ਸਿੱਖਿਆ ਵੱਲ ਵੱਧ ਧਿਆਨ ਦਿੱਤਾ ਗਿਆ। ਇਸੇ ਹੀ ਤਹਿਤ ਪਿਛਲੇ ਸਮੇਂ ਵਿੱਚ ਸਿੱਖਿਆ ਕ੍ਰਾਂਤੀ ਮੁਹਿੰਮ ਚਲਾਈ ਗਈ। ਜਿਸ ਦੇ ਨਾਲ ਪੰਜਾਬ ਦੇ ਅਨੇਕਾਂ ਹੀ ਸਕੂਲਾਂ ਦੀ ਨੁਹਾਰ ਬਦਲੀ ਗਈ। ਇਸੇ ਹੀ ਤਹਿਤ ਧੂਰੀ ਹਲਕੇ ਤੋਂ ਸਿੱਖਿਆ ਕੁਆਰਡੀਨੇਟਰ ਸ, ਦਰਸ਼ਨ ਸਿੰਘ ਪਾਠਕ ਦੀ ਅਗਵਾਈ ਹੇਠ ਮਾਨ ਸਰਕਾਰ ਦੇ ਸਹਿਯੋਗ ਨਾਲ ਵੱਖ-ਵੱਖ ਸਕੂਲਾਂ ਵਿੱਚ ਪ੍ਰੋਗਰਾਮ ਕਰਕੇ ਉਹਨਾਂ ਸਕੂਲਾਂ ਦੇ ਵਿੱਚ ਕੰਮਾਂ ਦਾ ਜਾਇਜ਼ਾ ਲਿਆ ਗਿਆ। ਅੱਜ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਧੂਰੀ ਹਲਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਗਰਾਂਟਾਂ ਦੇ ਗੱਫੇ ਦੇਣ ਲਈ ਵਿਸ਼ੇਸ਼ ਤੌਰ ਤੇ ਆਏ ਹੋਏ ਸਨ। ਇਸ ਮੌਕੇ ਦਰਸ਼ਨ ਸਿੰਘ ਪਾਠਕ ਹਲਕਾ ਸਿੱਖਿਆ ਕੁਆਡੀਨੇਟਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੁਲਾਕਾਤ ਕਰਕੇ ਉਨ੍ਹਾਂ ਨੂੰ ਗੁਲਦਸਤਾ ਦੇ ਕੇ ਉਹਨਾਂ ਦਾ ਸਵਾਗਤ ਕੀਤਾ ਅਤੇ ਚੱਲ ਰਹੀ ਸਿੱਖਿਆ ਕ੍ਰਾਂਤੀ ਮੁਹਿੰਮ ਅਤੇ ਯੁੱਧ ਨੱਸਿਆਂ ਵਿਰੁੱਧ ਨੂੰ ਮਿਲ ਰਹੇ ਪਿੰਡਾਂ ਵਿੱਚੋਂ ਭਰਮੇ ਹੁੰਗਾਰੇ ਕਰਕੇ ਮਾਨ ਸਰਕਾਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ, ਜਿਨਾਂ ਨੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਦੇ ਲਈ ਇੱਕ ਵਿਸ਼ੇਸ਼ ਉਪਰਾਲਾ ਕੀਤਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਬਿਜਲੀ ਮੁਲਾਜ਼ਮ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਕੋਠੀ ਦਾ ਘਿਰਾਓ ਕਰਨਗੇ : ਟੀ.ਐਸ. ਯੂ.ਆਗੂ

# ਬਿਜਲੀ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ



**ਜਗਰਾਉਂ, (ਵਰਿਆਮ ਹਠੂਰ)**- ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਟੈਕਨੀਕਲ ਸਰਵਿਸ ਯੂਨੀਅਨ ਸਬਅਰਬਨ ਸਰਕਲ ਲੁਧਿਆਣਾ ਦੀ ਮੀਟਿੰਗ ਜਗਰਾਉਂ ਮੰਡਲ ਵਿਖੇ ਹੋਈ। ਜਿਸ ਵਿੱਚ ਸਬਅਰਬਨ ਸਰਕਲ ਅਤੇ ਡਵੀਜ਼ਨ ਕਮੇਟੀਆਂ ਦੇ ਆਗੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਟੀ.ਐਸ.ਯੂ. ਦੇ ਜੋਨ ਪ੍ਰਧਾਨ ਦਲਜੀਤ ਸਿੰਘ ਜੱਸੋਵਾਲ ਅਤੇ ਸਰਕਲ ਪ੍ਰਧਾਨ ਅਵਤਾਰ ਸਿੰਘ ਬੱਸੀਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਅਤੇ ਪਾਵਰ ਕਾਮ ਦੀ ਮੈਨੇਜਮੈਂਟ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਉਹਨਾਂ ਦੱਸਿਆ ਕਿ ਮਿਤੀ 2 ਜੂਨ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਹਾਜ਼ਰੀ ਵਿੱਚ ਪਾਵਰਕਾਮ ਦੇ ਗੈਸਟ ਹਾਊਸ ਮੁਹਾਲੀ ਵਿਖੇ ਬਿਜਲੀ ਵਿਭਾਗ ਦੀ ਮੈਨੇਜਮੈਂਟ ਤੇ ਅਧਿਕਾਰੀਆਂ ਨਾਲ ਗੱਲਬਾਤ ਹੋਈ ਸੀ ਅਤੇ ਇਸ ਦੌਰਾਨ ਕਈ ਮੰਗਾਂ ਤੇ ਸਹਿਮਤੀਆਂ ਵੀ ਬਣੀਆਂ ਸਨ। ਜਿਨਾਂ ਨੂੰ ਲਾਗੂ ਕਰਨ ਲਈ ਪਾਵਰਕਾਮ ਮੈਨੇਜਮੈਂਟ ਵੱਲੋਂ ਦਸ ਕੁ ਦਿਨਾਂ ਦਾ ਸਮਾਂ ਮੰਗਿਆ ਗਿਆ ਸੀ, ਪ੍ਰੰਤੂ ਦੋ ਮਹੀਨੇ ਦੇ ਲਗਭਗ ਸਮਾਂ ਬੀਤ ਜਾਣ ਤੇ ਵੀ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ। ਜਿਸ ਕਾਰਨ ਸਮੁੱਚੇ ਬਿਜਲੀ ਮੁਲਾਜ਼ਮਾਂ ਅੰਦਰ ਭਾਰੀ ਬੇਚੈਨੀ ਅਤੇ ਰੋਸ ਦੀ ਲਹਿਰ ਪਾਈ ਜਾ ਰਹੀ ਹੈ। ਉਹਨਾਂ ਆਖਿਆ ਕਿ ਜੇਕਰ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਗਈਆਂ, ਤਾਂ 27 ਜੁਲਾਈ ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਅੰਮ੍ਰਿਤਸਰ ਵਿਖੇ ਸੂਬਾ ਪੱਧਰੀ ਰੋਹ ਭਰਪੂਰ ਧਰਨਾ ਦਿੱਤਾ ਜਾਵੇਗਾ। ਜੇਕਰ ਫਿਰ ਵੀ ਮੰਗਾਂ ਨਾ ਮੰਨੀਆਂ ਗਈਆਂ ਤਾਂ, ਅਗਸਤ ਦੇ ਪਹਿਲੇ ਹਫਤੇ ਤੋਂ ਸਮੁੱਚੇ ਬਿਜਲੀ ਮੁਲਾਜ਼ਮ ਸਮੂਹਿਕ ਛੁੱਟੀ ਤੇ ਚਲੇ ਜਾਣਗੇ। ਇਸ ਦੌਰਾਨ ਜੇਕਰ ਪੂਰੇ ਪੰਜਾਬ ਅੰਦਰ ਬਲੈਕ ਆਊਟ ਹੁੰਦਾ ਹੈ, ਤਾਂ ਇਸ ਦੀ ਸਮੁੱਚੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਮੈਨੇਜਮੈਂਟ ਦੀ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ ਮਲਕ, ਹਰਵਿੰਦਰ ਸਿੰਘ ਸਵੱਦੀ, ਪਰਮਜੀਤ ਸਿੰਘ ਚੀਮਾਂ, ਅਵਤਾਰ ਸਿੰਘ ਕਲੇਰ, ਤਰਲੋਚਨ ਸਿੰਘ ਹਠੂਰ, ਸੁਖਵਿੰਦਰ ਸਿੰਘ ਕਾਕਾ, ਬਲਜੀਤ ਸਿੰਘ, ਕਰਮਜੀਤ ਸਿੰਘ, ਭਰਤ ਲਾਲ, ਭੁਪਿੰਦਰ ਸਿੰਘ ਸੇਖੋਂ, ਜਗਜੀਤ ਸਿੰਘ ਫੋਰਮੈਨ ਆਦਿ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਮ ਆਦਮੀ ਪਾਰਟੀ ਨੂੰ ਮਿਲ ਰਿਹਾ ਵੱਡਾ ਬਲ ਪਾਰਟੀ ਨੀਤੀਆਂ ਤੋ ਖੁਸ਼ ਹੋ ਕੇ

# ਸਮੂਹ ਪੰਚਾਇਤ ਪਿੰਡ ਰੱਖ ਮਾਨਾਂਵਾਲਾ ਆਪ ਵਿੱਚ ਹੋਈ ਸ਼ਾਮਲ-ਈ.ਟੀ.ਓ



**ਜੰਡਿਆਲਾ ਗੁਰੂ, 21 ਜੁਲਾਈ( ਕੁਲਵੰਤ ਸਿੰਘ ਵਿਰਦੀ )**-ਆਮ ਆਦਮੀ ਪਾਰਟੀ ਵਲੋ 2022 ਦੀਆਂ ਚੋਣਾਂ ਦੋਰਾਨ ਸੂਬੇ ਦੇ ਲੋਕਾਂ ਨੂੰ ਜੋ ਗਰੰਟੀਆਂ ਦਿੱਤੀਆਂ ਗਈਆਂ ਸਨ,ਨੂੰ ਪੂਰਾ ਕਰਨ ਲਈ ਸਾਡੀ ਸਰਕਾਰ ਵੱਚਨਬੱਧ ਹੈ ਅਤੇ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਪਣੇ ਕੀਤੇ ਗਏ ਵਿਕਾਸ ਕਾਰਜਾਂ ਦੇ ਆਧਾਰ ਤੇ ਆਮ ਆਦਮੀ ਪਾਰਟੀ ਦੀ ਨੀਤੀਆਂ ਤੋ ਖੁਸ਼ ਹੋ ਕੇ ਵੱਡੀ ਗਿਣਤੀ ਵਿਚ ਲੋਕ ਸਾਡੀ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ ਅਤੇ ਆਪ ਦਾ ਕੁਨਬਾ ਲਗਾਤਾਰ ਵੱਧਦਾ ਜਾ ਰਿਹਾ ਹੈ।ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਹਲਕਾ ਜੰਡਿਆਲਾ ਗੁਰੂ ਵਿਖੇ ਆਮ ਆਦਮੀ ਪਾਰਟੀ ਦੀ ਨੀਤੀਆਂ ਤੋਂ ਖੁਸ਼ ਹੋ ਕੇ ਸਮੂਹ ਪੰਚਾਇਤ ਪਿੰਡ ਰੱਖ ਮਾਨਾਂਵਾਲਾ ਹਲਕਾ ਜੰਡਿਆਲਾ ਗੁਰੂ ਸਰਪੰਚ ਕੰਵਲਜੀਤ ਕੌਰ, ਮੈਂਬਰ ਗੁਰਬੀਰ ਸਿੰਘ, ਮੈਂਬਰ ਅਮਰਜੀਤ ਕੌਰ, ਅਰਵਿੰਦਰ ਸਿੰਘ, ਮੈਂਬਰ ਸੁਖਵਿੰਦਰ ਕੌਰ ਅਨੇਕਾਂ ਪਰਿਵਾਰਾਂ ਸਮੇਤ ਆਪਣੀਆ ਰਿਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਚ ਸ਼ਾਮਲ ਕਰਦੇ ਸਮੇ ਕੀਤਾ। ਸ: ਈ.ਟੀ.ਓ ਨੇ ਇਨਾਂ ਸਾਰਿਆਂ ਦਾ ਪਾਰਟੀ ਵਿੱਚ ਸ਼ਾਮਲ ਹੋਣ ਤੇ ਜੀ ਆਇਆਂ ਕਿਹਾ। ਉਨਾਂ ਕਿਹਾ ਕਿ ਇਨਾਂ ਸਾਰਿਆਂ ਦਾ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਹੋਵੇਗਾ। ਸ: ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਧਦੇ ਹੋਏ ਕੁਨਬੇ ਨੂੰ ਦੇਖ ਕੇ ਵਿਰੋਧੀ ਕੋਝੀਆਂ ਚਾਲਾਂ ਚਲ ਰਹੇ ਹਨ।ਉਨਾਂ ਲੋਕਾਂ ਨੂੰ ਸਾਵਧਾਨ ਕਰਦਿਆਂ ਕਿਹਾ ਕਿ ਇਨਾਂ ਪਾਰਟੀਆਂ ਤੋਂ ਬਚ ਕੇ ਰਹੋ। ਇਨਾਂ ਨੇ ਪਿਛਲੇ 70 ਸਾਲਾਂ ਤੋਂ ਪੰਜਾਬ ਨੂੰ ਮਿਲ ਕੇ ਲੁੱਟਿਆ ਹੈ। ਸ: ਈ.ਟੀ.ਓ. ਨੇ ਕਿਹਾ ਕਿ ਸਾਡੀ ਪਾਰਟੀ ਨੇ ਚੋਣਾਂ ਦੌਰਾਨ ਲੋਕਾਂ ਨੂੰ ਜੋ ਵੀ ਗਰੰਟੀਆਂ ਕੀਤੀਆਂ ਸਨ ਉਸਨੂੰ ਇਕ ਇਕ ਕਰਕੇ ਅਸੀਂ ਪੂਰਾ ਕਰ ਰਹੇ ਹਾਂ। ਉਨਾਂ ਦੱਸਿਆ ਕਿ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਅਸੀਂ ਆਪਣੇ ਸਾਢੇ ਤਿੰਨ ਸਾਲ ਦੇ ਕਾਰਜਕਾਲ ਦੌਰਾ 53 ਹਜ਼ਾਰ ਤੋਂ ਵੱਧ ਲੋਕਾਂ ਨੂੰ ਨੌਕਰੀਆਂ ਦਿੱਤੀਆਂ ਹਨ ਅਤੇ 600 ਯੂਨਿਟ ਬਿਜਲੀ ਮੁਫ਼ਤ, ਬੱਸਾਂ ਦੀ ਮੁਫ਼ਤ ਸਹੂਲਤ, ਮੁਫ਼ਤ ਰਾਸ਼ਨ ਦੀ ਸੁਵਿਧਾ, ਬੱਚਿਆਂ ਨੂੰ ਵੱਧੀਆ ਸਿੱਖਿਆ ਦੇਣ ਲਈ ਸਕੂਲ ਆਫ ਐਮੀਨੈਂਸ ,ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨਾ ਹੈ। ਕੈਬਿਨਟ ਮੰਤਰੀ ਸ: ਹਰਭਜਨ ਸਿੰਘ ਨੇ ਦੱਸਿਆ ਕਿ ਸਾਡੀ ਸਰਕਾਰ ਦੀ ਵੱਡੀ ਪ੍ਰਾਪਤੀ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ 'ਚ ਹਰ ਪਰਿਵਾਰ ਨੂੰ 10 ਲੱਖ ਤੱਕ ਦਾ ਸਲਾਨਾ ਮੁਫ਼ਤ ਇਲਾਜ਼ ਜੋ ਸਹੂਲਤ ਦੇ ਦਿੱਤੀ ਹੈ ।ਪੰਜਾਬ ਦਾ ਹਰ ਇੱਕ ਵਾਸੀ ਇਸ ਸਕੀਮ ਅਧੀਨ ਇਲਾਜ਼ ਦੀ ਸਹੂਲਤ ਦਾ ਹੱਕਦਾਰ ਹੋਵੇਗਾ, ਬੱਚਾ ਹੋਵੇ ਜਾਂ ਬਜ਼ੁਰਗ ਜਾਂ ਕੋਈ ਬੇਸਹਾਰਾ। ਉਹਨਾਂ ਕਿਹਾ ਕਿ ਇਸ ਸਕੀਮ ਤਹਿਤ ਇਲਾਜ਼ ਲੈਣ ਲਈ ਕੋਈ ਕਾਗਜ਼ੀ ਕਾਰਵਾਈ 'ਚ ਉਲਝਣਾ ਨਹੀਂ ਪਏਗਾ, ਅਗਰ ਤੁਹਾਡੇ ਕੋਲ ਕਾਰਡ ਬਣਿਆ ਨਹੀਂ ਹੋਵੇਗਾ ਤਾਂ ਮੌਕੇ 'ਤੇ ਅਧਾਰ ਕਾਰਡ ਜਾਂ ਵੋਟਰ ਕਾਰਡ ਦਿਖਾ ਕੇ ਰਜਿਸਟਰ ਕਰਵਾਉਣ ਉਪਰੰਤ ਇਲਾਜ਼ ਕਰਵਾਇਆ ਜਾ ਸਕੇਗਾ। ਸ: ਈ.ਟੀ.ਓ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਸਰਕਾਰੀ ਹਸਪਤਾਲਾਂ ਸਮੇਤ ਕਰੀਬ 1500 ਨਿੱਜੀ ਹਸਪਤਾਲ ਇਸ ਤਹਿਤ ਪੰਜਾਬੀਆਂ ਦਾ ਮੁਫ਼ਤ ਇਲਾਜ਼ ਕਰਨਗੇ। ਉਹਨਾਂ ਕਿਹਾ ਕਿ ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਕੈਸ਼ਲੈੱਸ ਬੀਮੇ ਦੀ ਸਹੂਲਤ ਦਿੱਤੀ ਗਈ ਹੈ ਜਿਸ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਹਰ ਬੀਮਾਰੀ ਦਾ ਇਲਾਜ ਮੁਫ਼ਤ ਵਿੱਚ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

**ਹਰ ਪਰਿਵਾਰ ਨੂੰ 10 ਲੱਖ ਰੁਪਏ ਦਾ ਸਲਾਨਾ ਮੁਫਤ ਇਲਾਜ ਦੇਣਾ ਸਾਡੀ ਸਰਕਾਰ ਦੀ ਵੱਡੀ ਪ੍ਰਾਪਤੀ**

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿੰਡ ਭੋਜੋਵਾਲੀ ਨੂੰ 32 ਲੱਖ ਰੁਪਏ ਦਾ ਚੈੱਕ ਭੇਟ ਕੀਤਾ




**ਧੂਰੀ ( ਰਣਜੀਤ ਸਿੰਘ ਪੇਧਨੀ )** ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਵਿਧਾਨ ਸਭਾ ਹਲਕੇ ਦੇ ਪਿੰਡਾਂ ਨੂੰ ਕਰੋੜਾਂ ਰੁਪਏ ਦੇ ਚੈੱਕ ਦੇ ਕੇ ਨਿਵਾਜਿਆ ਗਿਆ। ਇਸੇ ਹੀ ਤਹਿਤ ਪਿੰਡ ਭੋਜੋਵਾਲੀ 32 ਲੱਖ ਰੁਪਏ ਦੇ ਚੈੱਕ ਪੰਚਾਇਤ ਯੂਨੀਅਨ ਦੇ ਪ੍ਰਧਾਨ ਸਰਪੰਚ ਜਗਸੀਰ ਸਿੰਘ ਜੱਗਾ ਨੂੰ ਚੈੱਕ ਭੇਟ ਕੀਤਾ ਗਿਆ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜੱਗਾ ਭੋਜੋਵਾਲੀ ਅਤੇ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਟ ਸੰਗਰੂਰ ਨੇ ਕਿਹਾ ਕਿ ਅਸੀਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਸਾਡੇ ਪਿੰਡ ਨੂੰ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲੇ ਮੁੱਖ ਮੰਤਰੀ ਹਨ ਜੋ ਪੰਜਾਬ ਦੇ ਲੋਕਾਂ ਨੂੰ ਉਹਨਾਂ ਦੇ ਘਰਾਂ, ਹਲਕਿਆਂ, ਸੱਥਾਂ ਵਿੱਚ ਜਾ ਕੇ ਗਰਾਂਟਾਂ ਦੇ ਗੱਫੇ ਦੇ ਰਹੇ ਹਨ ਅਤੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਵਿੱਚ ਲੱਗੇ ਹੋਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਘੁੱਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਗਰਾਂਟਾਂ ਦੇ ਗੱਫੇ ਦੇ ਤੇ ਕੀਤਾ ਧੰਨਵਾਦ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਦੋ ਦਿਨਾਂ ਦੌਰੇ ਦੌਰਾਨ ਗਰਾਂਟਾਂ ਦੇ ਗੱਫੇ ਦੇ ਕੇ ਨਿਵਾਜਿਆ ਗਿਆ ਹੈ ਧੂਰੀ ਸਹਿਰ ਅਤੇ ਪਿੰਡਾਂ ਦੇ ਸਰਪੰਚਾਂ ਨੂੰ ਕਰੋੜਾਂ ਰੁਪਏ ਦੇ ਚੈੱਕ ਦੇ ਕੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਵੱਡਾ ਹੁਲਾਰਾ ਦਿੱਤਾ ਹੈ। ਇਸ ਮੌਕੇ ਆਸਟਰੇਲੀਆ ਤੋਂ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦਾ ਦਿਲ ਦੀਆਂ ਗਹਿਰਾਈਆਂ ਚੋ ਧੰਨਵਾਦ ਕਰਦਿਆਂ ਮੁੱਖ ਮੰਤਰੀ ਕੈਂਪਸ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਹਨਾਂ ਕਿਹਾ ਕਿ ਧੂਰੀ ਹਲਕੇ ਦੇ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲਾਂ ਤੋਂ ਹੀ ਦਿਲ ਖੋਲ ਕੇ ਗਰਾਂਟਾਂ ਦੇ ਗੱਫੇ ਦੇ ਰਹੇ ਹਨ। ਪਿਛਲੇ ਸਮੇਂ ਦੌਰਾਨ ਜੋ ਸਰਪੰਚਾਂ ਵੱਲੋਂ ਆਪਣੇ ਪਿੰਡਾਂ ਦੀਆਂ ਮੰਗਾਂ ਲਿਖ ਕੇ ਦਿੱਤੀਆਂ ਗਈਆਂ ਸਨ ਉਨਾ ਗਰਾਂਟਾਂ ਦੇ ਚੈੱਕ ਦੇ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਵਾਰ ਫਿਰ ਲੋਕਾਂ ਦਾ ਦਿਲ ਜਿੱਤਿਆ ਹੈ। ਇਸ ਮੌਕੇ ਆਪ ਆਗੂ ਭਿੰਦਾ ਵਿਰਕ, ਰਾਜੂ ਲੱਡਾ, ਦਰਸਨ ਸਿੰਘ ਪਾਠਕ, ਗੁਰਪ੍ਰੀਤ ਸਿੰਘ ਦੋਹਲਾ, ,ਸੁਖਪਾਲ ਸਿੰਘ ਪਾਲਾ, , ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਸਿਮਰਨਜੀਤ ਸਿੰਘ ਬਟੂਹਾ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਗੋਬਿੰਦਰ ਖੰਗੂੜਾ, ਸਰਪੰਚ ਗੋਪਾਲ ਕ੍ਰਸਨ ਬੇਨੜਾ, ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਰਾਜੂ ਬਰੜਵਾਲ, ਸਰਪੰਚ ਗੁਰਸੇਵਕ ਸਿੰਘ ਕੁੱਭੜਵਾਲ, ਅਮਨਦੀਪ ਸਿੰਘ ਘਨੌਰ, ਸਰਪੰਚ ਅੰਮ੍ਰਿਤਪਾਲ ਚਹਿਲ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਗੋਪੀ ਮੀਮਸਾ,ਸਰਪੰਚ ਜਗਜੀਤ ਸਿੰਘ ਕਲੇਰਾਂ ਹਾਜਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਪਬਲਿਕ ਹਾਈ ਸਕੂਲ ਦੇ ਵਿਦਿਆਰਥੀਆਂ ਨੂੰ ਥਾਣਾ ਮਹਿਤਾ ਵੱਲੋਂ ਨਸ਼ੇ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ



**ਚੌਕ ਮਹਿਤਾ 21 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਗੁਰੂ ਨਾਨਕ ਪਬਲਿਕ ਹਾਈ ਸਕੂਲ ਦੇ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਥਾਣਾ ਮਹਿਤਾ ਦੇ ਐਸ. ਐਚ. ਓ. ਹਰਪਾਲ ਸਿੰਘ ਦੀ ਅਗਵਾਈ ਚ ਥਾਣੇ ਦੀ ਵਿਜ਼ਿਟ ਕਰਵਾਈ ਗਈ। ਇਸ ਮੌਕੇ ਐਸ.ਆਈ.ਬਲਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ, ਨਸ਼ੇ ਤੋਂ ਦੂਰ ਰਹਿਣ, ਜੀਵਨ ਵਿੱਚ ਚੰਗੀਆਂ ਆਦਤਾਂ ਅਪਣਾਉਣ, ਇੱਕ ਚੰਗਾ ਜੀਵਨ ਬਿਤਾਉਣ ਅਤੇ ਚੰਗੇ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰਿੰਸੀਪਲ ਸ਼ਾਮ ਲਾਲ, ਮਾ. ਅਵਤਾਰ ਸਿੰਘ ਅਤੇ ਮੈਡਮ ਮੁਸਕਾਨ ਕੁਮਾਰੀ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਸ਼ਮੀਰ ਸਿੰਘ ਸਰਪੰਚ ਦੀ ਚਾਚੀ ਪਰਮਜੀਤ ਕੌਰ ਦੇ

# ਨਮਿਤ ਅੰਤਿਮ ਅਰਦਾਸ ਅਤੇ ਪਾਏ ਗਏ ਭੋਗ

## ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲੇ, ਜਥੇਦਾਰ ਸੰਤ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦੱਲ ਮਹਿਤਾ ਨੇ ਦਸਤਾਰ ਭੇਟ ਕੀਤੀ











**ਚੌਕ ਮਹਿਤਾ 21 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਕਾਂਗਰਸ ਲੀਡਰ ਸਰਪੰਚ ਕਸ਼ਮੀਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਦੇ ਸਤਿਕਾਰ ਯੋਗ ਚਾਚੀ ਜੀ ਤੇ ਪ੍ਰਿਤਪਾਲ ਸਿੰਘ ਰੰਧਾਵਾ ਦੇ ਪੂਜਨੀਕ ਮਾਤਾ ਸਰਦਾਰਨੀ ਪਰਮਜੀਤ ਕੌਰ ਧਰਮੀ ਸਪੁੱਤਨੀ ਸਵਰਗਵਾਸੀ ਜਥੇਦਾਰ ਮਹਿੰਦਰ ਸਿੰਘ ਰੰਧਾਵਾ ਜੀ ਆਪਣੇ ਸੁਵਾਸਾ ਦੀ ਪੂੰਜੀ ਨੂੰ ਭੋਗਦੇ ਹੋਏ ਬੀਤੇ ਦਿਨੀਂ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਹਨ ਉਨ੍ਹਾਂ ਨਮਿਤ ਰੱਖੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਅਤੇ ਅੰਤਿਮ ਅਰਦਾਸ ਸਮਾਗਮ ਦਮਦਮੀ ਟਕਸਾਲ ਜਥਾ ਭਿੰਡਰਾਂਵਾਲਿਆਂ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਵਿੱਖੇ ਹੋਏ। ਸਭ ਤੋਂ ਪਹਿਲਾਂ ਘਰ ਵਿੱਚ ਰੱਖੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਵਿੱਖੇ ਸਰਧਾਂਜਲੀ ਸਮਾਗਮ ਹੋਇਆ। ਜਿਸ ਵਿੱਚ ਦਮਦਮੀ ਟਕਸਾਲ

ਆਵਾਜ਼ਿ ਕੌਮ
AWAZE QAUM
International Newspaper & WEB TV

ਦੇ ਹਜ਼ੂਰੀ ਰਾਗੀ ਜਥਿਆਂ ਨੇ ਬੈਰਾਗ ਮਈ ਕੀਰਤਨ ਸੰਗਤਾਂ ਨੂੰ ਸਰਵਨ ਕਰਾਏ ਗਏ ।ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਸੰਗਤਾਂ ਨੂੰ ਗੁਰਮੁੱਤ ਵਿਚਾਰਾਂ ਅਤੇ ਕਥਾ ਸਰਵਨ ਕਰਾਏ ਗਏ। ਇਸ ਮੌਕੇ ਤੇ ਬਹੁਤ ਗਿਣਤੀ ਵਿੱਚ ਰਿਸ਼ਤੇਦਾਰ, ਰਾਜਨੀਤਕ, ਧਾਰਮਿਕ ਆਗੂ ਨਿਹੰਗ ਸਿੰਘ ਅਤੇ ਦਮਦਮੀ ਟਕਸਾਲ ਦੇ ਸਾਰੇ ਵਿਦਿਆਰਥੀਆਂ ਨੇ ਹਾਜਰੀਆ ਭਰੀਆਂ ।ਸਤਿਕਾਰ ਯੋਗ ਮਾਤਾ ਪਰਮਜੀਤ ਕੌਰ ਨੂੰ ਸਰਧਾ ਦੇ ਫੁੱਲ ਭੇਟ ਕੀਤੇ ।ਇਸ ਮੌਕੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਸਾਹਿਬ ਵਾਲੇ, ਜਥੇਦਾਰ ਸੰਤ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦੱਲ ਮਹਿਤਾ ਨੇ ਦਸਤਾਰ ਭੇਟ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੁੱਖ ਮੰਤਰੀ ਨੇ ਲੈਂਡ ਪੂਲਿੰਗ ਸਕੀਮ ਬਾਰੇ ਲੋਕਾਂ ਨੂੰ ਗੁਮਰਾਹ ਕਰ ਰਹੀ ਵਿਰੋਧੀ ਧਿਰ ਨੂੰ ਲਾਏ ਰਗੜੇ

# ਸੂਬੇ ਵਿੱਚੋਂ ਨਸ਼ਿਆਂ ਦਾ ਦਾਗ ਧੋਣ ਲਈ 'ਯੁੱਧ ਨਸ਼ਿਆਂ ਵਿਰੁੱਧ' ਦੇ ਪ੍ਰੇਰਕ ਵਜੋਂ ਕੰਮ ਕਰਨ ਦੀ ਉਮੀਦ ਪ੍ਰਗਟਾਈ











**ਧੂਰੀ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਨੂੰ ਕਿਸਾਨ ਪੱਖੀ ਤੇ ਵਿਕਾਸ ਮੁਖੀ ਐਲਾਨਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਅਹਿਮ ਸਕੀਮ ਬਾਰੇ ਵਿਰੋਧੀ ਧਿਰ ਦੇ ਗੁਮਰਾਹਕੁਨ ਪ੍ਰਚਾਰ ਤੋਂ ਸੁਚੇਤ ਰਹਿਣ।

ਧੂਰੀ ਵਿਧਾਨ ਸਭਾ ਹਲਕੇ ਦੇ 70 ਪਿੰਡਾਂ ਨੂੰ ਵਿਕਾਸ ਕਾਰਜਾਂ ਲਈ 31.30 ਕਰੋੜ ਰੁਪਏ ਦੀਆਂ ਗਰਾਂਟਾਂ ਵੰਡਣ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਵਿਰੋਧੀ ਧਿਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਉਹ ਸਿਰਫ਼ ਆਪਣੇ ਸਿਆਸੀ ਹਿੱਤਾਂ ਲਈ ਇਸ ਸਕੀਮ ਬਾਰੇ ਤੱਥਾਂ ਨੂੰ ਤੋੜ-ਮਰੋੜ ਕੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ।ਉਨ੍ਹਾਂ ਸਪੱਸ਼ਟ ਕਿਹਾ ਕਿ ਸੂਬੇ ਵਿੱਚ ਇਸ ਨਵੀਂ ਤੇ ਅਗਾਂਹਵਧੂ ਲੈਂਡ ਪੂਲਿੰਗ ਸਕੀਮ ਤਹਿਤ ਜ਼ਮੀਨ ਜਬਰੀ ਐਕੁਆਇਰ ਨਹੀਂ ਹੋਵੇਗੀ ਅਤੇ ਇਸ ਦਾ ਸੂਬੇ ਦੇ ਕਿਸਾਨਾਂ ਨੂੰ ਵੱਡਾ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਈ ਮਸਲਿਆਂ ਉੱਤੇ ਪੰਜਾਬੀਆਂ ਦੀ ਪਿੱਠ ਵਿੱਚ ਛੁਰਾ ਮਾਰਨ ਵਾਲੇ ਅਜਿਹੇ ਆਗੂਆਂ ਦੇ ਸ਼ੱਕੀ ਕਿਰਦਾਰ ਬਾਰੇ ਪੰਜਾਬ ਦੇ ਲੋਕ ਚੰਗੀ ਤਰ੍ਹਾਂ ਜਾਣੂੰ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਲੈਂਡ ਪੂਲਿੰਗ ਸਕੀਮ ਦਾ ਮੰਤਵ ਕਿਸਾਨਾਂ ਲਈ ਆਮਦਨ ਦੇ ਸਥਾਈ ਸਰੋਤ ਪੈਦਾ ਕਰ ਕੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਤੇ ਖ਼ੁਸ਼ਹਾਲੀ ਵਿੱਚ ਸਰਗਰਮ ਭਾਈਵਾਲ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਜ਼ਮੀਨ ਜਬਰੀ ਐਕੁਆਇਰ ਨਹੀਂ ਕੀਤੀ ਜਾਵੇਗੀ ਅਤੇ ਜਿਹੜੇ ਕਿਸਾਨ ਸਹਿਮਤ ਹੋਣਗੇ, ਉਨ੍ਹਾਂ ਦੀ ਜ਼ਮੀਨ ਹੀ ਇਸ ਨੀਤੀ ਤਹਿਤ ਲਈ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨੀਤੀ ਤਹਿਤ ਕਿਸਾਨਾਂ ਨੂੰ ਰਿਹਾਇਸ਼ੀ ਤੇ ਕਮਰਸ਼ੀਅਲ ਪਲਾਟ ਮਿਲਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਲੈਂਡ ਪੂਲਿੰਗ ਸਕੀਮ ਤਹਿਤ ਬਣਨ ਵਾਲੀਆਂ ਯੋਜਨਾਬੱਧ ਕਲੋਨੀਆਂ ਵਿੱਚ ਕਮਰਸ਼ੀਅਲ ਜਾਇਦਾਦ ਕਿਸਾਨਾਂ ਲਈ ਆਮਦਨ ਦਾ ਸਥਾਈ ਸਰੋਤ ਬਣੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਨਵੀਂ ਲੈਂਡ ਪੂਲਿੰਗ ਸਕੀਮ ਦਾ ਮੰਤਵ ਸੂਬੇ ਦੀ ਸਮੁੱਚੀ ਤਰੱਕੀ ਨੂੰ ਰਫ਼ਤਾਰ ਦੇਣਾ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਸੂਬੇ ਦੇ ਸਮੁੱਚੇ ਵਿਕਾਸ ਨੂੰ ਹੁਲਾਰਾ ਦੇ ਕੇ ਹਰੇਕ ਆਮ ਆਦਮੀ ਨੂੰ ਲਾਭ ਪਹੁੰਚਾਏਗੀ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਜ਼ਮੀਨ ਜਬਰੀ ਐਕੁਆਇਰ ਨਹੀਂ ਹੋਵੇਗੀ ਅਤੇ ਐਕੁਆਇਰ ਕੀਤੀ ਜ਼ਮੀਨ ਉੱਤੇ ਸਮੁੱਚਾ ਵਿਕਾਸ ਪਾਰਦਰਸ਼ੀ ਤੇ ਕਾਨੂੰਨ ਮੁਤਾਬਕ ਹੋਵੇਗਾ।

'ਯੁੱਧ ਨਸ਼ਿਆਂ ਵਿਰੁੱਧ' ਸਕੀਮ ਨੂੰ ਸੂਬੇ ਦੇ ਮੱਥੇ ਉੱਤੇ ਲੱਗਿਆ ਦਾਗ ਧੋਣ ਲਈ ਪ੍ਰੇਰਕ ਵਜੋਂ ਕੰਮ ਕਰਨ ਦੀ ਉਮੀਦ ਪ੍ਰਗਟਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਕੀਮ ਤਹਿਤ ਸੂਬਾ ਸਰਕਾਰ ਨੇ ਪਹਿਲਾਂ ਹੀ ਨਸ਼ਾ ਸਪਲਾਈ ਦਾ ਲੱਕ ਤੋੜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਘਿਨਾਉਣੇ ਕਾਰੋਬਾਰ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਡੱਕਿਆ ਗਿਆ ਹੈ ਅਤੇ ਲੋਕ ਨਾਭਾ ਜੇਲ੍ਹ ਜਾ ਕੇ ਇਨ੍ਹਾਂ ਦਾ ਹਸ਼ਰ ਦੇਖ ਸਕਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਸੂਬੇ ਵਿੱਚੋਂ ਇਸ ਖ਼ਤਰੇ ਦਾ ਮੁਕੰਮਲ ਸਫ਼ਾਇਆ ਨਹੀਂ ਹੋ ਜਾਂਦਾ।

### ਧੂਰੀ ਵਿਧਾਨ ਸਭਾ ਹਲਕੇ ਦੇ 70 ਪਿੰਡਾਂ ਨੂੰ 31.30 ਕਰੋੜ ਰੁਪਏ ਦੀ ਗਰਾਂਟਾਂ ਵੰਡੀਆਂ

ਮੁੱਖ ਮੰਤਰੀ ਨੇ ਕਿਹਾ ਕਿ ਹਲਕੇ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਪੰਚਾਇਤਾਂ ਨੂੰ ਮਿਲੇ ਪੈਸੇ ਦੀ ਵਰਤੋਂ ਸੋਚ-ਸਮਝ ਕੇ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੈਸਾ ਜਾਰੀ ਕਰਨ ਦੀ ਕਦੇ ਪਰਵਾਹ ਨਹੀਂ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ ਨੂੰ ਰਫ਼ਤਾਰ ਦੇਣ ਲਈ ਸੂਬਾ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਫੰਡ ਸਿਰਫ਼ ਕਾਗਜ਼ਾਂ ਵਿੱਚ ਦਿੱਤੇ ਜਾਂਦੇ ਸਨ, ਜਿਸ ਕਾਰਨ ਕੰਮ ਵੀ ਸਿਰਫ਼ ਕਾਗਜ਼ਾਂ ਵਿੱਚ ਹੀ ਹੁੰਦੇ ਸਨ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਧੂਰੀ ਹਲਕੇ ਦੇ ਸਾਰੇ ਪਿੰਡਾਂ ਨੂੰ ਆਦਰਸ਼ ਪਿੰਡਾਂ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਪੰਚਾਇਤਾਂ ਨੂੰ ਕਿਹਾ ਕਿ ਉਹ ਪਿੰਡਾਂ ਦੇ ਵਿਕਾਸ ਕਾਰਜਾਂ ਦੀ ਗੁਣਵੱਤਾ ਯਕੀਨੀ ਬਣਾਉਣ ਲਈ ਸਾਰੇ ਕੰਮਾਂ ਦੀ ਬਾਕਾਇਦਾ ਨਿਗਰਾਨੀ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬਾ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਲੋਕਾਂ ਦੀ ਭਲਾਈ ਯਕੀਨੀ ਬਣਾਏ ਅਤੇ ਪਿੰਡਾਂ ਦੇ ਵਿਕਾਸ ਨੂੰ ਹੁਲਾਰਾ ਦੇਵੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜ ਦਰਿਆਵਾਂ ਦੀ ਧਰਤੀ ਪੰਜਾਬ ਵਿੱਚ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਟੇਲਾਂ ਉੱਤੇ ਪੈਂਦੇ ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਕੋਈ ਕੋਸ਼ਿਸ਼ ਨਹੀਂ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 'ਆਪ' ਸਰਕਾਰ ਨੇ ਆਪਣਾ ਕਾਰਜਕਾਲ ਸੰਭਾਲਣ ਤੋਂ ਲੈ ਕੇ ਹੁਣ ਤੱਕ ਸੂਬੇ ਵਿੱਚ 15947 ਖ਼ਾਲਾਂ ਤੇ ਕੱਸੀਆਂ ਨੂੰ ਸੁਰਜੀਤ ਕੀਤਾ ਹੈ, ਜਿਸ ਨਾਲ ਦੂਰ-ਦੁਰਾਡੇ ਟੇਲਾਂ ਉੱਤੇ ਪੈਂਦੇ ਪਿੰਡਾਂ ਤੱਕ ਨਹਿਰੀ ਪਾਣੀ ਪੁੱਜਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ 90 ਫੀਸਦੀ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿੱਚ 881 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ ਅਤੇ ਹੁਣ ਤੱਕ ਤਿੰਨ ਕਰੋੜ ਤੋਂ ਵੱਧ ਮਰੀਜ਼ ਆਪਣਾ ਇਲਾਜ ਕਰਵਾ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਸੂਬਾ ਸਰਕਾਰ ਨੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉੱਤੇ 55 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਹੁਣ ਤੱਕ 18 ਟੋਲ ਪਲਾਜ਼ਾ ਬੰਦ ਕੀਤੇ ਜਾ ਚੁੱਕੇ ਹਨ, ਜਿਸ ਨਾਲ ਰੋਜ਼ਾਨਾ ਆਮ ਲੋਕਾਂ ਦਾ ਤਕਰੀਬਨ 64 ਲੱਖ ਰੁਪਿਆ ਬਚ ਰਿਹਾ ਹੈ। ਉਨ੍ਹਾਂ ਕਿਹਾ ਕਿ ਹਾਈਵੇਜ਼ ਉੱਤੇ ਸੁਰੱਖਿਆ ਵਧਾਉਣ ਲਈ ਪੰਜਾਬ ਨੇ ਦੇਸ਼ ਵਿੱਚ ਆਪਣੀ ਤਰ੍ਹਾਂ ਦੀ ਪਹਿਲੀ 'ਸੜਕ ਸੁਰੱਖਿਆ ਫੋਰਸ' ਸ਼ੁਰੂ ਕੀਤੀ ਅਤੇ ਇਹ ਮਾਣ ਵਾਲੀ ਗੱਲ ਹੈ ਕਿ ਇਸ ਦੀ ਸ਼ੁਰੂਆਤ ਤੋਂ ਬਾਅਦ ਸੜਕ ਹਾਦਸਿਆਂ ਵਿੱਚ ਮੌਤਾਂ ਦੀ ਦਰ ਵਿੱਚ 48 ਫੀਸਦੀ ਤੋਂ ਵੱਧ ਦੀ ਕਮੀ ਆਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਫੋਰਸ ਲਈ ਵਿਸ਼ੇਸ਼ ਤੌਰ ਉੱਤੇ ਸਿੱਖਿਅਤ ਜਵਾਨਾਂ ਨੂੰ ਭਰਤੀ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਔਰਤਾਂ ਵੀ ਸ਼ਾਮਲ ਹਨ। ਫੋਰਸ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ 144 ਵਾਹਨ ਮੁਹੱਈਆ ਕੀਤੇ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਫੋਰਸ ਪ੍ਰਭਾਵਸ਼ਾਲੀ ਤਰੀਕੇ ਨਾਲ ਕੰਮ ਕਰ ਰਹੀ ਹੈ ਅਤੇ ਕਈ ਸੂਬਿਆਂ ਤੇ ਇੱਥੋਂ ਤੱਕ ਕੇ ਕੇਂਦਰ ਸਰਕਾਰ ਨੇ ਵੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਹੈ। ਇਕ ਹੋਰ ਵੱਡੀ ਲੋਕ ਭਲਾਈ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇਸ਼ ਵਿੱਚ ਆਪਣੀ ਤਰ੍ਹਾਂ ਦੀ ਪਹਿਲੀ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਸ਼ੁਰੂਆਤ 2 ਅਕਤੂਬਰ ਤੋਂ ਕਰੇਗੀ, ਜਿਸ ਤਹਿਤ ਪੰਜਾਬ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਮੁਹੱਈਆ ਹੋਵੇਗਾ। ਭਗਵੰਤ ਸਿੰਘ ਮਾਨ ਨੇ ਮਾਣ ਨਾਲ ਕਿਹਾ ਕਿ ਪੰਜਾਬ ਭਾਰਤ ਦਾ ਪਹਿਲਾ ਅਜਿਹਾ ਸੂਬਾ ਹੈ, ਜੋ ਇੰਨੇ ਵੱਡੇ ਪੱਧਰ ਉੱਤੇ ਸਿਹਤ ਸੰਭਾਲ ਬੀਮਾ ਸ਼ੁਰੂ ਕਰੇਗਾ, ਜਿਸ ਨਾਲ ਲੋਕਾਂ ਦਾ ਵਿੱਤੀ ਬੋਝ ਘਟਣ ਦੇ ਨਾਲ-ਨਾਲ ਉਨ੍ਹਾਂ ਦੀ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਯਕੀਨੀ ਬਣੇਗੀ।ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਇਕੋ ਤਰ੍ਹਾਂ ਦੀ ਸਿਹਤ ਸੰਭਾਲ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਆਗਾਮੀ ਦਿਨਾਂ ਵਿੱਚ ਵੀ ਅਜਿਹੇ ਹੋਰ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ 'ਪਸ਼ੂਆਂ ਉੱਤੇ ਅੱਤਿਆਚਾਰ ਦੀ ਰੋਕਥਾਮ (ਪੰਜਾਬ ਸੋਧ) ਬਿੱਲ, 2025' ਪਾਸ ਕੀਤਾ ਹੈ ਤਾਂ ਕਿ ਸੂਬੇ ਵਿੱਚ ਹਰੇਕ ਥਾਂ ਹੋਣ ਵਾਲੀਆਂ ਪੇਂਡੂ ਖੇਡਾਂ ਖ਼ਾਸ ਕਰ ਕੇ ਬੈਲ ਗੱਡੀਆਂ ਦੀਆਂ ਦੌੜਾਂ ਤੇ ਹੋਰ ਖੇਡਾਂ ਨੂੰ ਹੁਲਾਰਾ ਮਿਲੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂ ਸੂਬੇ ਦੇ ਖੇਤੀਬਾੜੀ ਅਰਥਚਾਰੇ ਦਾ ਅਨਿੱਖੜਵਾਂ ਅੰਗ ਹਨ ਅਤੇ ਪੰਜਾਬੀ ਕਿਸਾਨ ਸਦੀਆਂ ਤੋਂ ਪਸ਼ੂਆਂ ਨੂੰ ਆਪਣੇ ਬੱਚਿਆਂ ਵਾਂਗ ਪਾਲਦੇ ਆਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਤੋਂ ਬੈਲ ਗੱਡੀਆਂ ਦੀਆਂ ਦੌੜਾਂ ਨਾਲ ਮੋਹ ਕਰਦੇ ਰਹੇ ਹਨ ਅਤੇ ਕਿਲ੍ਹਾ ਰਾਏਪੁਰ ਵਿਚਲੀ ਬੈਲ ਗੱਡੀਆਂ ਦੀ ਦੌੜ ਵਿਸ਼ਵ ਪ੍ਰਸਿੱਧ ਹੈ। ਉਨ੍ਹਾਂ ਕਿਹਾ ਕਿ ਇਹ ਬਿੱਲ ਆਉਣ ਵਾਲੇ ਸਮੇਂ ਵਿੱਚ ਪਸ਼ੂਆਂ ਨੂੰ ਨੁਕਸਾਨ ਪਹੁੰਚਾਏ ਬਗ਼ੈਰ ਸੂਬੇ ਭਰ ਵਿੱਚ ਅਜਿਹੀਆਂ ਖੇਡਾਂ ਨੂੰ ਹੋਰ ਮਕਬੂਲ ਕਰਨ ਵਿੱਚ ਸਹਾਇਕ ਹੋਵੇਗਾ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਸ਼ੂਆਂ ਦੀ ਸੁਰੱਖਿਆ ਉੱਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਅਤੇ ਪਸ਼ੂਆਂ ਉੱਤੇ ਕਿਸੇ ਵੀ ਤਰ੍ਹਾਂ ਦੇ ਅੱਤਿਆਚਾਰ ਦੀ ਇਜਾਜ਼ਤ ਨਹੀਂ ਹੋਵੇਗੀ।ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋ,ਚੇਅਰਮੈਨ ਸ੍ਰੀ ਅਸ਼ੋਕ ਕੁਮਾਰ ਲੱਖਾ, ਚੇਅਰਮੈਨ ਜਸਵੀਰ ਸਿੰਘ ਕੁੰਦਨੀ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸਾਮ ਸਿੰਗਲਾ ਜਿਲ੍ਹਾ ਪ੍ਰਧਾਨ, ਰਛਪਾਲ ਸਿੰਘ ਭੁੱਲਰ, ਮਾਣਾ ਗਰੇਵਾਲ, ਭਿੰਦਾ ਵਿਰਕ, ਰਾਜੂ ਲੱਡਾ,ਤਰਸੇਮ ਕਲਸੀ, ਦਰਸਨ ਸਿੰਘ ਪਾਠਕ, ਗੁਰਪ੍ਰੀਤ ਸਿੰਘ ਦੋਹਲਾ, ਗੁਰਪ੍ਰੀਤ ਸਿੰਘ ਰਣੀਕੇ,ਤਰਸੇਮ ਸਿੰਘ ਬੀ,ਓ ,ਸੁਖਪਾਲ ਸਿੰਘ ਪਾਲਾ,ਚੇਅਰਮੈਨ ਅਮਰੀਕ ਸਿੰਘ ਸੋਹੀ ਭੋਜੋਵਾਲੀ, ਜਸਵਿੰਦਰ ਸਿੰਘ ਘਨੌਰ, ਸੁਰਜੀਤ ਸਿੰਘ ਰਾਜੋਮਾਜਰਾ, ,ਮਨਪ੍ਰੀਤ ਸਿੰਘ ਸਲੇਮਪੁਰ, ਜਗਤਾਰ ਸਿੰਘ ਬਾਗੜੀ, ਗਿੰਨੀ ਸਲੇਮਪੁਰ,ਡਾ ਅਸ਼ੋਕ ਕੁਮਾਰ ਐਸ ਆਈ, ਅਮਰੀਕ ਸਿੰਘ ਸਿੱਧੂ, ਹਰਜੀਤ ਸਿੰਘ ,ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ , ਸਰਪੰਚ ਜਸਵੀਰ ਦਾਸ ਢਢੋਗਲ, ਸਰਪੰਚ ਸਿਮਰਨਜੀਤ ਸਿੰਘ ਬਟੂਹਾ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਭਗਵਾਨ ਸਿੰਘ ਭਲਵਾਨ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਗੋਬਿੰਦਰ ਖੰਗੂੜਾ, ਸਰਪੰਚ ਗੋਪਾਲ ਕ੍ਰਸਨ ਬੇਨੜਾ, ਸਰਪੰਚ ਮੱਖਣ ਸਿੰਘ ਪੇਧਨੀ, ਸਰਪੰਚ ਬਹਾਦਰ ਸਿੰਘ ਭਸੌੜ, ਸਰਪੰਚ ਰਾਜੂ ਬਰੜਵਾਲ, ਸਰਪੰਚ ਗੁਰਸੇਵਕ ਸਿੰਘ ਕੁੱਭੜਵਾਲ, ਅਮਨਦੀਪ ਸਿੰਘ ਘਨੌਰ, ਸਰਪੰਚ ਅੰਮ੍ਰਿਤਪਾਲ ਚਹਿਲ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਗੋਪੀ ਮੀਮਸਾ ਹਾਜਰ ਸਨ।

### ਟ੍ਰੈਫਿਕ ਪੁਲਿਸ ਵੱਲੋਂ ਵਹੀਕਲਾਂ ਦੀ ਕੀਤੀ ਗਈ ਚੈਕਿੰਗ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ

# ਰਾਹਗੀਰਾਂ ਦੇ 95 ਦੇ ਕਰੀਬ ਕੀਤੇ ਚਲਾਨ



**ਜੰਡਿਆਲਾ ਗੁਰੂ 21 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਐਸਐਸਪੀ ਅੰਮ੍ਰਿਤਸਰ ( ਦਿਹਾਤੀ ) ਆਈ.ਪੀ.ਐਸ ਸ.ਮਨਿੰਦਰ ਸਿੰਘ ,ਐਸਪੀ ਹੈੱਡਕੁਆਟਰ ਅਤੇ ਟ੍ਰੈਫਿਕ ਇੰਚਾਰਜ (ਦਿਹਾਤੀ) ਖੁਸਬੂ ਸਰਮਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅੱਜ ਟ੍ਰੈਫਿਕ ਪੁਲਿਸ ਵੱਲੋਂ ਵੱਖ ਵੱਖ ਥਾਵਾਂ ਅਤੇ ਅੱਡਾ ਸਰਾਂਏ ਰੋਡ ਗਹਿਰੀ ਮੰਡੀ ਜੰਡਿਆਲਾ ਗੁਰੂ ਵਿਖੇ ਏਐਸਆਈ ਕਵਲ ਜੀਤ ਏ.ਐਸ.ਆਈ ਇੰਦਰ ਮੋਹਨ ਅਤੇ ਏਐਸਆਈ ਰਣਜੀਤ ਸਿੰਘ ਵੱਲੋਂ ਨਾਕਾ ਲਾਇਆ ਗਿਆ । ਇਸ ਮੌਕੇ ਏਐਸਆਸੀ ਕਵਲ ਜੀਤ ਤੇ ਇੰਦਰ ਮੋਹਨ ਵੱਲੋਂ ਗੱਲਬਾਤ ਕਰਦਿਆ ਹੋਇਆ ਦੱਸਿਆ ਕਿ ਕਾਰਾਂ ਅਤੇ ਮੋਟਰਸਾਈਕਲਾਂ ਦੇ ਕਾਗਜ ਚੈਕ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਕਾਰ ਚਾਲਿਕ ਵੱਲੋਂ ਸੀਟ ਬੈਲਟ ਨਾ ਲਾਈ ਹੋਂਣ ਦੇ ਕਰਕੇ ਜਾਂ ਗੱਡੀ ਸਾਧਨ ਦੇ ਕਾਗਜ ਨਾਂ ਪੂਰੇ ਹੋਂਣ ਤੇ ਅਤੇ ਮੋਟਰਸਾਈਕਲ ਚਾਲਕਾਂ ਵੱਲੋਂ ਟ੍ਰਿਪਲ ਸਵਾਰੀ ਅਤੇ ਕਾਗਜ ਨਾਂ ਪੂਰੇ ਹੋਣ ਤੇ 90-95 ਦੇ ਕਰੀਬ ਚਲਾਣ ਕੀਤੇ ਗਏ ਹਨ ।ਇਸ ਮੌਕੇ ਏਐਸਆਈ ਕਵਲ ਜੀਤ ਅਤੇ ਟੀਮ ਵੱਲੋਂ ਰਾਹਗੀਰਾ ਨੂੰ ਟ੍ਰੈਫਿਕ ਨਿਯਮਾਂ ਬਾਰੇ ਜਾਗਰੂਕ ਵੀ ਕੀਤਾ ਗਿਆ। ਇਸ ਮੌਕੇ ਪੂਰੀ ਟੀਮ ਵੱਲੋਂ ਦੋ ਪਹੀਆ ਵਾਹਨ ਚਲਾਉਣ ਤੇ ਹੈਲਮੈਂਟ ਪਹਿਨਣਾ, ਚਾਰ ਪਹੀਆ ਵਾਹਨ ਚਲਾਉਣ ਤੇ ਸੀਟ ਬੈਲਟ ਲਾਉਣੀ ਅਤੇ ਰੋਡ ਤੇ ਪੈਂਦਲ ਚਲਦੇ ਸਮੇਂ ਸੜਕ ਤੇ ਖੱਬੇ ਹੱਥ ਚਲਣਾ ਅਤੇ ਨਸ਼ਿਆ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

### ਜ਼ਿਲ੍ਹੇ ਨੂੰ ਬਾਲ ਭੀਖ ਮੁਕਤ ਕਰਨ ਲਈ ਵਿਸ਼ੇਸ਼ ਚੈਕਿੰਗ ਮੁਹਿੰਮ, ਭੀਖ ਮੰਗਵਾਉਣ ਵਾਲਿਆਂ ਖ਼ਿਲਾਫ਼ ਹੋਵੇਗੀ ਕਾਰਵਾਈ

# ਜ਼ਿਲ੍ਹਾ ਪੱਧਰੀ ਟਾਸਕ ਫੋਰਸ ਸਰਗਰਮ, ਬੱਚਿਆਂ ਦਾ ਕੀਤਾ ਜਾਵੇਗਾ ਪੁਨਰਵਾਸ



ਬਰਨਾਲਾ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਟੀਮ ਵੱਲੋਂ ਜ਼ਿਲ੍ਹਾ ਬਰਨਾਲਾ ਵਿੱਚ ਬੱਚਿਆਂ ਨੂੰ ਭੀਖ ਮੰਗਣ ਤੋਂ ਰੋਕਣ ਲਈ ਵਿਸ਼ੇਸ਼ ਚੈਕਿੰਗ ਕੀਤੀ, ਜਿਸ ਦੌਰਾਨ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵਲੋਂ ਸ਼ਹਿਰ ਦੇ ਵੱਖ-ਵੱਖ ਦੇ ਹਿੱਸਿਆਂ ਵਿੱਚ ਛਾਪੇਮਾਰੀ ਕੀਤੀ ਗਈ। ਇਸ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਗੁਰਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬੱਚਿਆਂ ਦੇ ਭੀਖ ਮੰਗਣ ਤੋਂ ਰੋਕਣ ਲਈ ਇੱਕ ਵਿਸ਼ੇਸ਼ ਟੀਮ ਬਣਾਈ ਗਈ ਹੈ। ਇਹ ਟੀਮ ਪੁਲਿਸ ਅਤੇ ਹੋਰ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਕਰਮਚਾਰੀਆਂ ਨਾਲ ਮਿਲ ਕੇ ਲਗਾਤਾਰ ਚੈਕਿੰਗ ਕੀਤੀ ਰਹੀ ਹੈ। ਓਨ੍ਹਾਂ ਕਿਹਾ ਕਿ ਭੀਖ ਮੰਗਣ ਵਾਲੇ ਬੱਚਿਆਂ ਨੂੰ ਇਸ ਪਾਸਿਓਂ ਹਟਾ ਕੇ ਉਨ੍ਹਾਂ ਦਾ ਪੁਨਰਵਾਸ ਕੀਤਾ ਜਾਵੇਗਾ ।ਅਜਿਹੇ ਮਾਪੇ ਜੋ ਬੱਚਿਆਂ ਤੋਂ ਬਾਲ ਮਜ਼ਦੂਰੀ ਜਾਂ ਬਾਲ ਭਿੱਖਿਆ ਕਰਵਾ ਰਹੇ ਹਨ, ਉਨ੍ਹਾਂ ਬੱਚਿਆਂ ਦੇ ਡੀ.ਐਨ.ਏ. ਟੈਸਟ ਕਰਵਾਏ ਜਾਣਗੇ ਕਿਉਂਕਿ ਅਕਸਰ ਵੇਖਣ ਵਿਚ ਆਇਆ ਹੈ ਕਿ ਦੂਸਰੇ ਰਾਜਾਂ ਤੋਂ ਆਏ ਬੱਚੇ ਭੀਖ ਮੰਗਦੇ ਹਨ ਅਤੇ ਕਈ ਵਾਰ ਉਨ੍ਹਾਂ ਨਾਲ ਮਾਪੇ ਬਣਕੇ ਘੁੰਮ ਰਹੇ ਵਿਅਕਤੀ ਉਨ੍ਹਾਂ ਦੇ ਅਸਲ ਮਾਪੇ ਨਹੀਂ ਹੁੰਦੇ ਅਤੇ ਜਾਂਚ ਦੌਰਾਨ ਕਈ ਬੱਚੇ ਕਿਤੇ ਨਾ ਕਿਤੇ ਚੋਰੀ ਕੀਤੇ ਨਿਕਲਦੇ ਹਨ। ਉਪਰੋਕਤ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਬਰਨਾਲਾ ਦੇ ਕਚਹਿਰੀ ਚੌਂਕ, ਰੇਲਵੇ ਸਟੇਸ਼ਨ, ਬੱਸ ਸਟੈਂਡ, ਮੇਨ ਬਜ਼ਾਰ ਅਤੇ ਤਪਾ, ਧੌਨਲਾ ਦੇ ਬਾਜ਼ਾਰ ਵਿਚ ਚੈਕਿੰਗ ਕਰਕੇ ਉਨ੍ਹਾਂ 'ਤੇ ਤਿਖੀ ਨਜ਼ਰ ਰੱਖੀ ਜਾ ਰਹੀ ਹੈ। ਚੈਕਿੰਗ ਦੇ ਦੌਰਾਨ 3 ਬੱਚੇ ਭੀਖ ਮੰਗਦੇ ਪਾਏ ਗਏ, ਜਿਨ੍ਹਾਂ ਨੂੰ ਬਾਲ ਭਲਾਈ ਕਮੇਟੀ ਦੇ ਸਾਹਮਣੇ ਪੇਸ਼ ਕੀਤਾ ਗਿਆ। ਜਿੱਥੇ ਇਨ੍ਹਾਂ ਬੱਚਿਆਂ ਦੇ ਮਾਪਿਆਂ ਵੱਲੋਂ ਓਨ੍ਹਾਂ ਦੇ ਬੱਚੇ ਹੋਣ ਸਬੰਧੀ ਦਸਤਾਵੇਜ਼ ਪੇਸ਼ ਕਰਨ ਉਪਰੰਤ ਬੱਚਿਆਂ ਨੂੰ ਮਾਪਿਆਂ ਦੇ ਸਪੁਰਦ ਕੀਤਾ ਗਿਆ।ਇਸ ਮੌਕੇ ਟੀਮ ਮੈਂਬਰਾਂ ਨੇ ਦੱਸਿਆ ਕਿ ਜੇਕਰ ਕਿਤੇ ਕੋਈ ਵੀ ਅਜਿਹਾ ਬੱਚਾ ਮਿਲਦਾ ਹੈ ਤਾਂ ਮਾਪਿਆਂ ਅਤੇ ਬੱਚਿਆਂ ਦੀ ਕਾਉਂਸਲਿੰਗ ਕਰਕੇ ਬੱਚਿਆਂ ਨੂੰ ਪੜ੍ਹਾਈ ਨਾਲ ਜੋੜਿਆ ਜਾਂਦਾ ਹੈ।ਹੁਣ ਤੱਕ ਬਹੁਤ ਸਾਰੇ ਬੱਚਿਆਂ ਨੂੰ ਚਾਈਲਡ ਬੈਗਿੰਗ ਤੋਂ ਹਟਾ ਕੇ ਸਕੂਲ ਵਿਚ ਦਾਖਲ ਕਰਵਾਏ ਜਾ ਚੁੱਕੇ ਨੇ ਅਤੇ ਸਮੇ ਸਮੇਂ 'ਤੇ ਉਨ੍ਹਾਂ ਨੂੰ ਸਕੂਲ ਜਾ ਕੇ ਚੈੱਕ ਵੀ ਕੀਤਾ ਜਾਂਦਾ ਹੈ। ਜੇਕਰ ਕਿਸੇ ਨੂੰ ਇਹ ਲਗਦਾ ਹੈ ਕਿ ਬੱਚੇ ਦੇ ਮਾਪੇ ਉਸਨੂੰ ਸੰਭਾਲਣ ਵਿਚ ਅਸਮਰੱਥ ਹਨ ਤਾਂ ਉਸ ਬੱਚੇ ਨੂੰ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਬਾਲ ਘਰ੍ਹਾਂ ਵਿਚ ਭੇਜ ਦਿੱਤਾ ਜਾਂਦਾ ਹੈ ਜਿਥੇ ਕਿ ਬੱਚੇ ਦੀ ਮੁਕੰਮਲ ਸੁਰੱਖਿਆ ਅਤੇ ਉਸਦੇ ਖਾਣ-ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਂਦਾ ਹੈ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਦੱਸਿਆ ਕਿ ਇਹ ਚੈਕਿੰਗਾਂ ਭਵਿੱਖ ਵਿਚ ਲਗਾਤਾਰ ਜਾਰੀ ਰਹਿਣਗੀਆਂ। ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਬੱਚਿਆਂ ਨੂੰ ਭੀਖ ਨਾ ਦਿੱਤੀ ਜਾਵੇ ਕਿਉਂਕਿ ਬੱਚਿਆਂ ਤੋਂ ਭੀਖ ਮੰਗਵਾਉਣ ਵਾਲੇ ਮਾਪੇ ਇਸ ਲਈ ਬੱਚਿਆਂ ਨੂੰ ਨਹੀਂ ਪੜ੍ਹਾਉਂਦੇ ਕਿਉਂਕਿ ਉਨ੍ਹਾਂ ਦੇ ਬੱਚੇ ਭੀਖ ਮੰਗ ਕੇ ਚੰਗੇ ਪੈਸੇ ਇਕਠੇ ਕਰਕੇ ਲਿਆਉਂਦੇ ਹਨ। ਉਨ੍ਹਾਂ ਨੇ ਦੱਸਿਆ ਕਿ ਭੀਖ ਮੰਗਵਾਉਣ ਦੇ ਦੋਸ਼ ਵਿਚ ਜੇ.ਜੇ.ਐਕਟ 2025 ਤਹਿਤ ਕੇਸ ਦਰਜ ਕੀਤਾ ਜਾਵੇਗਾ। ਜੇਕਰ ਕੋਈ ਬੱਚਾ ਭੀਖ ਮੰਗਦਾ ਦਿਖਾਈ ਦਿੰਦਾ ਹੈ ਤਾਂ ਤੁਰੰਤ ਵਿਭਾਗ ਨੂੰ ਸੂਚਿਤ ਕਰੋ ।ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ ।ਚੈਕਿੰਗ ਦੌਰਾਨ ਟੀਮ ਵਿੱਚ ਬਾਲ ਸੁਰੱਖਿਆ ਅਫ਼ਸਰ ਅਮਨਦੀਪ ਗੌਤਮ, ਰੁਪਿੰਦਰ ਸਿੰਘ, ਪ੍ਰਿਤਪਾਲ ਕੌਰ, ਲੱਖ ਸਿੰਘ, ਬਲਵਿੰਦਰ ਸਿੰਘ, ਸਿੱਖਿਆ ਵਿਭਾਗ ਤੋਂ ਨੀਰਜ ਕੁਮਾਰ, ਪੁਲਿਸ ਵਿਭਾਗ ਅਤੇ ਸਿਹਤ ਵਿਭਾਗ ਤੋਂ ਕੁਲਦੀਪ ਸਿੰਘ ਸ਼ਾਮਲ ਸਨ।

### ਪਿੰਡ-ਪਿੰਡ ਪਹੁੰਚ ਰਿਹਾ ਹੈ ਨਸ਼ਾ ਮੁਕਤੀ ਯਾਤਰਾ ਦਾ ਸੁਨੇਹਾ

# ਜ਼ਿਲ੍ਹੇ ਦੇ ਬਲਾਕ ਬਰਨਾਲਾ ਅਤੇ ਸ਼ਹਿਣਾ ਵਿੱਚ ਕਰਵਾਏ ਗਏ ਨਸ਼ਿਆਂ ਵਿਰੁੱਧ ਜਾਗਰੂਕਤਾ ਸਮਾਗਮ





**ਬਰਨਾਲਾ, 21 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹਾ ਬਰਨਾਲਾ ਦੇ ਬਲਾਕ ਬਰਨਾਲਾ ਅਤੇ ਸ਼ਿਹਣਾ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਪ੍ਰੋਗਰਾਮ ਕਰਾਏ ਗਏ। ਬਰਨਾਲਾ ਦੇ ਵਾਰਡ ਨੰਬਰ 12, 24, 25, 26, 29, 30 ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਸਮਾਗਮ ਕਰਵਾਏ ਗਏ ਜਿਸ ਵਿਚ ਸ਼ਿਰਕਤ ਕਰਕੇ ਹਲਕਾ ਇੰਚਾਰਜ ਸ. ਹਰਿੰਦਰ ਸਿੰਘ ਧਾਲੀਵਾਲ ਨੇ ਨਸ਼ਿਆਂ ਵਿਰੁੱਧ ਹੋਕਾ ਦਿੱਤਾ। ਓਨ੍ਹਾਂ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਪੰਜਾਬ ਸਰਕਾਰ ਦੀ ਇਸ ਜੰਗ ਵਿੱਚ ਸਰਕਾਰ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ। ਬਲਾਕ ਸ਼ਿਹਣਾ ਵਿੱਚ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਅਤੇ ਮੁਹਿੰਮ ਦੇ ਜ਼ਿਲ੍ਹਾ ਕੋਆਰਡੀਨੇਟਰ ਰਾਮ ਤੀਰਥ ਮੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਨਾਲ ਪੀੜਤ ਵਿਅਕਤੀਆਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖ ਰਹੀ ਹੈ ਤੇ ਨਸ਼ਾ ਤਸਕਰਾਂ ਖਿਲਾਫ਼ ਸਖਤੀ ਨਾਲ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਕਰਨ ਵਾਲਿਆਂ ਦਾ ਇਲਾਜ ਨਸ਼ਾ ਛਡਾਊ ਕੇਂਦਰਾਂ ਵਿੱਚ ਬਿਲਕੁਲ ਮੁਫਤ ਕਰਵਾਇਆ ਜਾ ਰਿਹਾ ਹੈ ਤੇ ਉਥੇ ਉਹਨਾਂ ਨਾਲ ਹਮਦਰਦੀ ਭਰਿਆ ਵਰਤਾਰਾ ਰੱਖਿਆ ਜਾ ਰਿਹਾ ਹੈ ਅਤੇ ਹਰ ਤਰ੍ਹਾਂ ਦੀ ਸਿਹਤ ਪੱਖੋਂ ਸਹੂਲਤ ਵੀ ਦਿੱਤੀ ਜਾ ਰਹੀ ਹੈ। ਬੁਲਾਇਆਂ ਨੇ ਕਿਹਾ ਕਿ ਜੇਕਰ ਤੁਹਾਡੇ ਆਸ ਪਾਸ, ਗੁਆਂਢ ਜਾਂ ਰਿਸ਼ਤੇਦਾਰ ਵਿੱਚ ਕੋਈ ਵੀ ਨੌਜਵਾਨ ਜਾਂ ਵਿਅਕਤੀ ਨਸ਼ਾ ਕਰਦਾ ਹੈ ਤਾਂ ਉਸ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾਇਆ ਜਾਵੇ ਤਾਂ ਜੋ ਉਹ ਨਸ਼ਾ ਛੱਡ ਕੇ ਆਪਣੀ ਬਾਕੀ ਦੀ ਜ਼ਿੰਦਗੀ ਤੰਦਰੁਸਤੀ ਅਤੇ ਮਾਣ ਸਨਮਾਨ ਵਾਲੀ ਬਤੀਤ ਕਰ ਸਕੇ। ਇਸ ਮੌਕੇ ਨਸ਼ਿਆਂ ਦੇ ਖਾਤਮੇ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਲਈ ਪਿੰਡ ਵਾਸੀਆਂ ਨੂੰ ਸਹੁੰ ਵੀ ਚੁਕਾਈ ਗਈ। ਜ਼ਿਕਰਯੋਗ ਹੈ ਕਿ ਸ਼ਿਹਣਾ ਬਲਾਕ ਵਿੱਚ ਪੱਖੋ ਕੈਂਚੀਆਂ ਅਤੇ ਫ਼ਤਹਿਗੜ੍ਹ ਛੰਨਾ ਵਿਚ ਨਸ਼ਾ ਮੁਕਤੀ ਪ੍ਰੋਗਰਾਮ ਕਰਾਏ ਗਏ। ਇਸ ਮੌਕੇ ਬਰਨਾਲਾ ਵਿੱਚ ਨਗਰ ਕੌਂਸਲ ਬਰਨਾਲਾ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਨਵਾਸੀਆ, ਨਗਰ ਕੌਂਸਲ ਬਰਨਾਲਾ ਦੇ ਕਾਰਜਸਾਧਕ ਅਫ਼ਸਰ ਸ੍ਰੀ ਵਿਸ਼ਾਲਦੀਪ, ਸ਼ਿਹਣਾ ਬਲਾਕ ਵਿੱਚ ਬੀ ਡੀ ਪੀ ਓ ਜਗਰਾਜ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਸੰਤ ਮਹਾਂਪੁਰਸ਼ ਬਾਬਾ ਹਰਨਾਮ ਸਿੰਘ ਜੀ ਦੀ ਅੰਤਿਮ ਅਰਦਾਸ ਮੌਕੇ ਹਜ਼ਾਰਾਂ ਸੰਗਤਾਂ ਨੇ ਵਿਛੜੀ ਆਤਮਾ ਨੂੰ ਗੁਰਬਾਣੀ ਕੀਰਤਨ ਸ੍ਰਵਣ ਕਰਕੇ ਸਰਧੇ ਦੇ ਫੁੱਲ ਭੇਟ ਕੀਤੇ : ਭਾਈ ਵਿਰਸਾ ਸਿੰਘ ਖਾਲਸਾ





ਜੰਡਿਆਲਾ ਗੁਰੂ 21 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਬੀਤੀ ਦਿਨੀ ਗੁਰਦੁਆਰਾ ਬਾਬਾ ਮੰਗਲ ਸਿੰਘ ਸਬਜਮੰਡੀ ਕਪੂਰਥਲਾ ਦੇ ਮੁੱਖ ਸੇਵਾਦਾਰ ਸੰਤ ਮਹਾਂਪੁਰਸ਼ ਬਾਬਾ ਹਰਨਾਮ ਸਿੰਘ ਜੀ ਵਾਹਿਗੁਰੂ ਜੀ ਵੱਲੋਂ ਬਖਸ਼ੇ ਸੁਾਸਾ ਦੀ ਪੂਜੀ ਨੂੰ ਸਮਾਪਤ ਕਰਦੇ 14 ਜੁਲਾਈ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ,ਅੱਜ ਉਹਨਾਂ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਧਾਰਮਿਕ ਸਿਆਸੀ ਸਮਾਜਿਕ ਆਗੂਆ ਸਮੇਤ ਹਜ਼ਾਰਾਂ ਸ਼ਰਧਾਲੂਆਂ ਨੇ ਸਬਦ ਗੁਰਬਾਣੀ ਕੀਰਤਨ ਸ੍ਰਵਣ ਕਰਕੇ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਮੰਚ ਦਾ ਸੰਚਾਲਨ ਸ੍ਰ ਰਛਪਾਲ ਸਿੰਘ ਪਾਲ ਜਲੰਧਰ ਵਾਲਿਆਂ ਨੇ ਕੀਤਾ, ਸ਼ਰਧਾ ਦੇ ਫੁੱਲ ਭੇਟ ਕਰਨ ਵਾਲਿਆਂ ਕਪੂਰਥਲਾ ਤੋਂ ਕਾਂਗਰਸੀ ਐਮ ਐਲ ਏ ਰਾਣਾ ਗੁਰਜੀਤ ਸਿੰਘ ਜੀ, ਸੁਲਤਾਨ ਪੁਰ ਲੋਧੀ ਦੇ ਐਮਐਲਏ ਰਾਣਾ ਇੰਦਰਪਰਤਾਪ ਸਿੰਘ ਤੋਂ ਇਲਾਵਾ ਸੈਂਕੜੇ ਆਗੂਆਂ ਨੇ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਅੰਤਿਮ ਅਰਦਾਸ'ਚ ਸ਼ਾਮਲ ਹੋਣ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਬੀਤੇ ਦਿਨੀਂ ਸੰਤ ਬਾਬਾ ਹਰਨਾਮ ਸਿੰਘ ਜੀ ਚਲਾਣਾ ਕਰ ਗਏ ਸਨ ਤੇ ਉਨ੍ਹਾਂ ਦੀ ਅੰਤਿਮ ਅਰਦਾਸ ਸਬੰਧੀ ਪਰਸੋ ਦੇ ਰੋਜ਼ ਗੁਰਦੁਆਰਾ ਸਾਹਿਬ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਅੰਤਿਮ ਅਰਦਾਸ ਸਬੰਧੀ ਭਾਈ ਜਗਜੀਤ ਸਿੰਘ ਕਪੂਰਥਲਾ ਤੇ ਭਾਈ ਰਛਪਾਲ ਸਿੰਘ ਦੇ ਕੀਰਤਨੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਹਨ,ਮੰਚ ਸੰਚਾਲਨ ਸ੍ਰ ਰਛਪਾਲ ਸਿੰਘ ਪਾਲ ਜਲੰਧਰ ਵਾਲਿਆਂ ਨੇ ਕੀਤਾ ਅਤੇ ਵੱਖ ਵੱਖ ਧਾਰਮਿਕ ਸਿਆਸੀ ਸਮਾਜਿਕ ਤੇ ਪੰਥਕ ਆਗੂਆਂ ਵੱਲੋਂ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ, ਸਵਰਗੀ ਸੰਤ ਮਹਾਂਪੁਰਸ਼ ਸੰਤ ਬਾਬਾ ਹਰਨਾਮ ਸਿੰਘ ਜੀ ਦੇ ਸਪੁੱਤਰ ਭਾਈ ਸੁਖਵਿੰਦਰ ਸਿੰਘ ਬੱਬਰ ਮਜੌਦਾ ਮੁੱਖ ਪ੍ਰਬੰਧਕ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਬੇਨਤੀ ਕੀਤੀ ਗਈ ਕਿ ਕੋਈ ਵੀ ਮਾਈ ਭਾਈ ਗੁਰੂ ਕਾ ਲੰਗਰ ਛਕਣ ਤੋਂ ਬਗੈਰ ਨਾ ਜਾਵੇ, ਇਸ ਮੌਕੇ ਤੇ ਜਥੇਦਾਰ ਬਾਬਾ ਲਾਲ ਸਿੰਘ ਜੀ ਬੁਢਾ ਦਲ, ਬਾਬਾ ਅਮਰੀਕ ਸਿੰਘ ਖੁਖਰੈਣ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਸ੍ਰ ਰਛਪਾਲ ਸਿੰਘ ਪਾਲ ਜਲੰਧਰ ਵਾਲਿਆਂ ਤੋਂ ਇਲਾਵਾ ਸੈਂਕੜੇ ਜਥੇਦਾਰ ਸਾਹਿਬਾਨ ਤੇ ਹਜ਼ਾਰਾਂ ਸੰਗਤਾਂ ਨੇ ਅੰਮ੍ਰਿਤ ਅਰਦਾਸ ਵਿੱਚ ਸ਼ਾਮਿਲ ਹੋ ਕੇ ਵਿਛੜੀ ਆਤਮਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਗੁਰੂ ਕੇ ਲੰਗਰ ਛਕੇ ।






ਜਨਮ ਦਿਨ ਮੁਬਾਰਕ



ਗੁਰਨਵਾਬ ਸਿੰਘ ਡੱਡਵਾਲ
ਪਿਤਾ ਬਲਜੀਤ ਸਿੰਘ ਡੱਡਵਾਲ
ਮਾਤਾ ਮਨਦੀਪ ਕੌਰ
ਪਿੰਡ ਗੁਨੋਵਾਲ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV